Designer & Customized
WEDDING CARDS & BOXES
Shagun Envelopes & Saha Chithi
More Than 500 Designs of Wedding Cards & Boxes
+91-98888 88887, 98888 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 48 Chief Editor : Chowdhary Prabhjit Singh, Editor : Chhatarpal Singh 98146-32807, Sunday 2 August 2026 Price : 2 Rs. Page : 6

## ਰਾਸ਼ਟਰਪਤੀ ਦੀ ਮਨਜ਼ੂਰੀ ਤੋਂ ਬਾਅਦ ਪ੍ਰੀਖਿਆ ਸੋਧ ਬਿਲ ਹੁਣ ਬਣਿਆ ਕਾਨੂੰਨ, 10 ਸਾਲ ਦੀ ਸਜ਼ਾ ਤੇ 10 ਕਰੋੜ ਦੇ ਜੁਰਮਾਨੇ ਦੀ ਵਿਵਸਥਾ

**ਨਵੀਂ ਦਿੱਲੀ, 1 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**



ਪੇਪਰ ਲੀਕ 'ਤੇ ਸ਼ਿਕੰਜਾ ਕੱਸਣ ਲਈ ਸੰਸਦ ਵੱਲੋਂ ਪਾਸ ਕੀਤੇ ਗਏ 'ਜਨਤਕ ਪ੍ਰੀਖਿਆ (ਗਲਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026' ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੀ ਮਨਜ਼ੂਰੀ ਮਿਲ ਗਈ ਹੈ। ਵਿਰੋਧੀ ਪਾਰਟੀਆਂ ਦੇ ਵਾਕਆਊਟ ਦਰਮਿਆਨ ਸੰਸਦ ਦੇ ਦੋਵਾਂ ਸਦਨਾਂ ਤੋਂ ਪਾਸ ਹੋਇਆ ਇਹ ਕਾਨੂੰਨ ਹੁਣ ਪੂਰੇ ਦੇਸ਼ ਵਿੱਚ ਲਾਗੂ ਹੋ ਗਿਆ ਹੈ।

ਇਹ ਨਵਾਂ ਕਾਨੂੰਨ ਪੇਪਰ ਲੀਕ ਰੋਕਣ ਅਤੇ ਸਰਕਾਰੀ ਤੇ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਹੈ। ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ 10 ਸਾਲ ਦੀ ਸਜ਼ਾ ਅਤੇ 10 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਹੈ।
ਜਨਤਕ ਪ੍ਰੀਖਿਆ (ਗਲਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026 ਨੂੰ ਰਾਜ ਸਭਾ ਨੇ ਵੀਰਵਾਰ ਨੂੰ ਆਵਾਜ਼ੀ ਵੋਟ ਨਾਲ ਪਾਸ ਕਰ ਦਿੱਤਾ। ਲੋਕ ਸਭਾ ਨੇ ਇਸ ਬਿੱਲ ਨੂੰ ਇੱਕ ਦਿਨ ਪਹਿਲਾਂ ਹੀ ਪਾਸ ਕਰ ਦਿੱਤਾ ਸੀ। ਜਿਸ ਨੂੰ ਹੁਣ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੀ ਮਨਜ਼ੂਰੀ
ਕੇਂਦਰ ਸਰਕਾਰ ਦੇ ਅਨੁਸਾਰ, ਇਸ ਨਵੇਂ ਸੋਧ ਦਾ ਮੁੱਖ ਉਦੇਸ਼ ਸਰਕਾਰੀ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ 'ਚ ਪਾਰਦਰਸ਼ਤਾ ਬਣਾ ਕੇ ਰੱਖਣਾ ਅਤੇ ਲੱਖਾਂ ਨੌਜਵਾਨਾਂ ਦੇ ਭਵਿੱਖ ਅਤੇ ਹਿੱਤਾਂ ਦੀ ਸੁਰੱਖਿਆ ਕਰਨਾ ਹੈ।

ਸੋਧੇ ਹੋਏ ਕਾਨੂੰਨ ਤਹਿਤ ਜਨਤਕ ਪ੍ਰੀਖਿਆਵਾਂ 'ਚ ਧਾਂਦਲੀ, ਪੇਪਰ ਲੀਕ ਕਰਨ ਜਾਂ ਗਲਤ ਸਾਧਨਾਂ ਦੀ ਵਰਤੋਂ ਕਰਨ ਦੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਨੂੰ ਪੰਜ ਤੋਂ ਦੱਸ ਸਾਲ ਤੱਕ ਦੀ ਕੈਦ ਦੇ ਨਾਲ-ਨਾਲ 50 ਲੱਖ ਰੁਪਏ ਤੱਕ ਦਾ ਜੁਰਮਾਨਾ ਵੀ ਦੇਣਾ ਹੋਵੇਗਾ।
ਉੱਥੇ ਹੀ, ਪੇਪਰ ਲੀਕ ਨਾਲ ਜੁੜੇ ਸੰਗਠਿਤ ਗਿਰੋਹਾਂ ਜਾਂ ਸਿੰਡੀਕੇਟਾਂ 'ਤੇ ਸ਼ਿਕੰਜਾ ਕੱਸਦਿਆਂ ਕਾਨੂੰਨ 'ਚ ਘੱਟੋ-ਘੱਟ 7 ਸਾਲ ਦੀ ਕੈਦ ਅਤੇ ਘੱਟੋ-ਘੱਟ ?10 ਕਰੋੜ ਦੇ ਜੁਰਮਾਨੇ ਦਾ ਸਖ਼ਤ ਪ੍ਰਬੰਧ ਕੀਤਾ ਗਿਆ ਹੈ।
ਸੰਸਦ ਵਿੱਚ ਬਿੱਲ ਪਾਸ ਹੋਣ ਦੇ ਤੁਰੰਤ ਬਾਅਦ ਪੀ.ਐਮ. ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਇੰਸਟਾਗ੍ਰਾਮ 'ਤੇ ਇੱਕ ਵੀਡੀਓ ਸੰਦੇਸ਼ ਸਾਂਝਾ ਕੀਤਾ, ਜਿਸ ਵਿੱਚ ਉਨ੍ਹਾਂ ਕਿਹਾ ਕਿ ਪੇਪਰ ਲੀਕ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦਾ ਮਹੱਤਵਪੂਰਨ ਕਾਰਜ ਪੂਰਾ ਹੋ ਗਿਆ ਹੈ।

## ਭਗਵੰਤ ਮਾਨ ਨੇ 40 ਲੱਖ ਔਰਤਾਂ ਨੂੰ ਦਿੱਤਾ ਤੋਹਫ਼ਾ, 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਖਾਤਿਆਂ 'ਚ ਰਾਸ਼ੀ ਜਮ੍ਹਾਂ

**ਪਠਾਨਕੋਟ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪਛਾਣ ਹੀ ਆਪਣੇ ਵਾਅਦੇ ਨਿਭਾਉਣ ਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਹੋਣ ਜਾਂ ਉਨ੍ਹਾਂ ਵੱਲੋਂ ਮੁੱਖ ਮੰਤਰੀ ਵਜੋਂ ਕੀਤੇ ਐਲਾਨ, ਸਰਕਾਰ ਨੇ ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ। ਪੰਜਾਬ ਸਰਕਾਰ ਵੱਲੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਸੂਬੇ ਦੀਆਂ ਕਰੀਬ 40 ਲੱਖ ਮਹਿਲਾਵਾਂ ਦੇ ਬੈਂਕ ਖਾਤਿਆਂ 'ਚ ਵਿੱਤੀ ਸਹਾਇਤਾ ਦੀ ਰਾਸ਼ੀ ਜਮ੍ਹਾਂ ਕਰਵਾਈ ਗਈ। ਇਸ ਮੌਕੇ ਜ਼ਿਲ੍ਹਾ ਪਠਾਨਕੋਟ ਦੇ ਬਲਾਕ ਧਾਰਕਲਾਂ ਸਥਿਤ ਵਾਈਟ ਹਾਊਸ ਹਸਪਤਾਲ ਦੇ ਮੈਦਾਨ 'ਚ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਯੋਜਨਾ ਦੀ ਰਸਮੀ ਸ਼ੁਰੂਆਤ ਕਰਦਿਆਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਇਕ-ਇੱਕ ਕਰ ਕੇ ਪੂਰਾ ਕੀਤਾ ਹੈ ਤੇ ਮਹਿਲਾ ਸਸ਼ਕਤੀਕਰਨ ਲਈ ਇਹ ਇਤਿਹਾਸਕ ਕਦਮ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਰਕਮ ਭਾਵੇਂ ਕਿਸੇ ਨੂੰ ਅਮੀਰ ਨਹੀਂ ਬਣਾਉਂਦੀ, ਪਰ ਹਰ ਮਹਿਲਾ ਨੂੰ ਆਰਥਿਕ ਤੌਰ 'ਤੇ ਆਤਮਨਿਰਭਰ ਬਣਾਉਣ ਵੱਲ ਇਹ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਮਹਿਲਾਵਾਂ ਦਾ ਆਪਣਾ ਹੱਕ ਹੈ, ਜਿਸ ਨਾਲ ਉਹ ਆਪਣੀਆਂ ਘਰੇਲੂ ਲੋੜਾਂ, ਬੱਚਿਆਂ ਦੀ ਸਿੱਖਿਆ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਸਮਾਜਿਕ ਰਸਮਾਂ ਨੂੰ ਬਿਨਾਂ ਕਿਸੇ ਉੱਤੇ ਨਿਰਭਰ ਹੋਏ ਪੂਰਾ ਕਰ ਸਕਣਗੀਆਂ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪਛਾਣ ਹੀ ਆਪਣੇ ਵਾਅਦੇ ਨਿਭਾਉਣ ਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਹੋਣ ਜਾਂ ਉਨ੍ਹਾਂ ਵੱਲੋਂ ਮੁੱਖ ਮੰਤਰੀ ਵਜੋਂ ਕੀਤੇ ਐਲਾਨ, ਸਰਕਾਰ ਨੇ ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਉਹੀ ਵਾਅਦਾ ਕਰਦੀ ਹੈ, ਜਿਸ ਨੂੰ ਪੂਰਾ ਕਰਨ ਦਾ ਦਮ ਰੱਖਦੀ ਹੈ ਅਤੇ ਜੋ ਵਾਅਦਾ ਕਰ ਦਿੰਦੀ ਹੈ, ਉਸ ਨੂੰ ਹਰ ਹਾਲਤ ਵਿੱਚ ਨਿਭਾਉਂਦੀ ਹੈ।

ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਵਿੱਚ 32 ਲੱਖ ਮਹਿਲਾਵਾਂ ਨੂੰ ਯੋਜਨਾ ਦਾ ਲਾਭ ਮਿਲਿਆ ਸੀ, ਜਦਕਿ ਹੁਣ ਇਹ ਗਿਣਤੀ ਵੱਧ ਕੇ 40 ਲੱਖ ਹੋ ਗਈ ਹੈ। ਜਿਨ੍ਹਾਂ ਮਹਿਲਾਵਾਂ ਨੇ ਬਾਅਦ ਵਿੱਚ ਅਰਜ਼ੀਆਂ ਦਿੱਤੀਆਂ ਹਨ, ਉਨ੍ਹਾਂ ਨੂੰ ਵੀ ਤਿੰਨ ਮਹੀਨਿਆਂ ਦੀ ਬਣਦੀ ਰਾਸ਼ੀ ਮਿਲੇਗੀ। ਕਿਸੇ ਵੀ ਲਾਭਪਾਤਰੀ ਨਾਲ ਕੋਈ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦੀ ਨੀਅਤ ਸਾਫ਼ ਹੈ ਅਤੇ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੀਆਂ ਗਈਆਂ ਯੋਜਨਾਵਾਂ ਲਗਾਤਾਰ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਮਿਲਣ ਵਾਲੀ ਇਹ ਸਹਾਇਤਾ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਦੇ ਨਾਲ-ਨਾਲ ਪਰਿਵਾਰਾਂ ਦੀ ਭਲਾਈ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ।

ਇਸ ਮੌਕੇ ਪੰਜਾਬ ਆਮ ਆਦਮੀ ਪਾਰਟੀ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਨਾਲ ਕੀਤੇ ਵਾਅਦਿਆਂ ਨੂੰ ਸਮੇਂ ਸਿਰ ਪੂਰਾ ਕਰ ਰਹੀ ਹੈ ਅਤੇ ਲੋਕਾਂ ਦਾ ਭਰੋਸਾ ਹੀ ਸਰਕਾਰ ਦੀ ਸਭ ਤੋਂ ਵੱਡੀ ਤਾਕਤ ਹੈ।

ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ, ਸੁਜਾਨਪੁਰ ਇੰਚਾਰਜ ਸਵਰਨ ਸਲਾਰੀਆ, ਜ਼ਿਲ੍ਹਾ ਪ੍ਰਧਾਨ ਅਮਨਦੀਪ ਸਿੰਘ ਸੰਧੂ, ਪਠਾਨਕੋਟ ਇੰਚਾਰਜ ਰੋਹਿਤ ਸਿਆਲ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

## ਪ੍ਰਧਾਨ ਮੰਤਰੀ ਵੱਲੋਂ 18,000 ਕਰੋੜ ਰੁਪਏ ਦੀਆਂ ਵੱਡੀਆਂ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ



**ਅਮਰਾਵਤੀ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ ਵਿਜੇਨਗਰਮ ਦੌਰੇ ਦੌਰਾਨ ਲਗਪਗ 18,000 ਕਰੋੜ ਰੁਪਏ ਦੀਆਂ ਵੱਡੀਆਂ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਆਂਧਰਾ ਪ੍ਰਦੇਸ਼ ਦੀ ਤੇਜ਼ੀ ਨਾਲ ਹੋ ਰਹੀ ਤਰੱਕੀ ਦਾ ਪ੍ਰਤੀਕ ਹਨ। ਭੋਗਪੁਰਮ ਵਿੱਚ ਅੱਲੂਰੀ ਸੀਤਾਰਾਮ ਰਾਜੂ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਉਦਘਾਟਨ ਮੌਕੇ ਬੋਲਦਿਆਂ, ਪੀ.ਐਮ. ਮੋਦੀ ਨੇ ਇਨ੍ਹਾਂ ਬੁਨਿਆਦੀ ਢਾਂਚੇ ਅਤੇ ਵਿਕਾਸ ਪਹਿਲਕਦਮੀਆਂ ਨੂੰ ਇੱਕ ਖੁਸ਼ਹਾਲ 'ਸਵਰਨ ਆਂਧਰਾ' (ਸੁਨਹਿਰੀ ਆਂਧਰਾ ਪ੍ਰਦੇਸ਼) ਦੇ ਟੀਚੇ ਨੂੰ ਸਾਕਾਰ ਕਰਨ ਦੀ ਦਿਸ਼ਾ 'ਚ ਇੱਕ ਮਹੱਤਵਪੂਰਨ ਕਦਮ ਦੱਸਿਆ।

ਉਨ੍ਹਾਂ ਕਿਹਾ, ਅੱਜ ਆਂਧਰਾ ਪ੍ਰਦੇਸ਼ ਦੇ ਵਿਕਾਸ ਅਤੇ ਸਵਰਨ ਆਂਧਰਾ ਦੇ ਦ੍ਰਿਸ਼ਟੀਕੋਣ ਲਈ ਇੱਕ ਬਹੁਤ ਹੀ ਮਹੱਤਵਪੂਰਨ ਦਿਨ ਹੈ। ਮੈਂ ਇਸ ਪਵਿੱਤਰ ਮਹੀਨੇ ਦੌਰਾਨ ਇੰਨੇ ਸ਼ੁਭ ਮੌਕੇ 'ਤੇ ਉੱਤਰੀ ਆਂਧਰਾ ਦੀ ਇਸ ਪਵਿੱਤਰ ਧਰਤੀ 'ਤੇ ਆ ਕੇ ਆਪਣੇ ਆਪ ਨੂੰ ਕਿਸਮਤ ਵਾਲਾ ਮਹਿਸੂਸ ਕਰ ਰਿਹਾ ਹਾਂ। ਸਭ ਤੋਂ ਪਹਿਲਾਂ, ਮੈਂ ਭਗਵਾਨ ਸ੍ਰੀ ਵਰਾਹ ਲਕਸ਼ਮੀ ਨਰਸਿਮਹਾ ਸਵਾਮੀ ਦੇ ਚਰਨਾਂ ਵਿੱਚ ਨਮਸਕਾਰ ਕਰਦਾ ਹਾਂ। ਮੈਂ ਭਗਵਾਨ ਕੁਰਮਨਾਥ ਸਵਾਮੀ ਅਤੇ ਦੇਵੀ ਪੋਲਿਤੱਲੀ ਅੰਮਾਵਰੂ ਨੂੰ ਵੀ ਨਮਸਕਾਰ ਕਰਦਾ ਹਾਂ।

ਪ੍ਰਧਾਨ ਮੰਤਰੀ ਨੇ ਗਾਂਧੀ ਪਰਿਵਾਰ 'ਤੇ ਅਸਿੱਧੇ ਤੌਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਹਵਾਈ ਅੱਡਿਆਂ ਦੇ ਨਾਂ ਅਕਸਰ ਇੱਕੋ ਪਰਿਵਾਰ ਦੇ ਨਾਂ 'ਤੇ ਰੱਖੇ ਜਾਂਦੇ ਸਨ। ਉਨ੍ਹਾਂ ਕਿਹਾ ਕਿ ਇਸ ਦੀ ਬਜਾਏ ਐਨ.ਡੀ.ਏ. (©41) ਸਰਕਾਰ ਨੇ ਵਾਲਮੀਕਿ, ਸੰਤ ਰਵਿਦਾਸ ਅਤੇ ਅੱਲੂਰੀ ਸੀਤਾਰਾਮ ਰਾਜੂ ਵਰਗੀਆਂ ਸ਼ਖ਼ਸੀਅਤਾਂ ਦੇ ਨਾਂ 'ਤੇ ਹਵਾਈ ਅੱਡਿਆਂ ਦੇ ਨਾਂ ਰੱਖ ਕੇ ਰਾਸ਼ਟਰੀ ਨਾਇਕਾਂ ਨੂੰ ਸਨਮਾਨ ਦੇਣ ਦਾ ਫ਼ੈਸਲਾ ਕੀਤਾ ਹੈ।

ਪੀ.ਐਮ. ਮੋਦੀ ਨੇ ਆਧੁਨਿਕ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਦੀ ਵੀ ਤਾਰੀਫ਼ ਕੀਤੀ। ਇੱਕ ਪਾਸੇ, ਇੱਕ ਹਵਾਈ ਅੱਡੇ ਦਾ ਨਿਰਮਾਣ, ਇੱਕ ਅਜਿਹੀ ਸਹੂਲਤ ਜੋ ਅਸਮਾਨ ਨੂੰ ਛੂਹ ਲਵੇਗੀ, ਅਤੇ ਦੂਜੇ ਪਾਸੇ, ਸਾਡੀਆਂ ਆਦਿਵਾਸੀ ਭੈਣਾਂ ਵੱਲੋਂ ਧੀਮਸਾ ਨਾਚ ਵਿੱਚ ਵਿਸ਼ਵ ਰਿਕਾਰਡ ਕਾਇਮ ਕਰਨਾ। ਮੈਂ ਚੰਦਰਬਾਬੂ ਦੇ ਇਸ ਦ੍ਰਿਸ਼ਟੀਕੋਣ ਦੀ ਵਿਸ਼ੇਸ਼ ਤੌਰ 'ਤੇ ਕਦਰ ਕਰਦਾ ਹਾਂ।

ਇਸ ਤੋਂ ਪਹਿਲਾਂ, ਪੀ.ਐਮ. ਮੋਦੀ ਨੇ ਭੋਗਪੁਰਮ ਵਿੱਚ ਅੱਲੂਰੀ ਸੀਤਾਰਾਮ ਰਾਜੂ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਉਦਘਾਟਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਉੱਥੇ 17,900 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਨੂੰ ਰਾਸ਼ਟਰ ਨੂੰ ਸਮਰਪਿਤ ਕੀਤਾ।
ਵਿਜੇਨਗਰਮ ਦੇ ਭੋਗਪੁਰਮ ਪਹੁੰਚਣ 'ਤੇ ਪੀ.ਐਮ. ਮੋਦੀ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਅਤੇ ਉਪ ਮੁੱਖ ਮੰਤਰੀ ਪਵਨ ਕਲਿਆਣ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।
ਅੱਲੂਰੀ ਸੀਤਾਰਾਮ ਰਾਜੂ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਯਾਤਰੀ ਟਰਮੀਨਲ ਭਵਨ ਨੂੰ ਯਾਤਰੀਆਂ ਨੂੰ ਇੱਕ ਆਧੁਨਿਕ, ਸਹਿਜ ਅਤੇ ਕੁਸ਼ਲ ਯਾਤਰਾ ਦਾ ਤਜ਼ਰਬਾ ਪ੍ਰਦਾਨ ਕਰਨ ਲਈ ਡਿਜ਼ਾਈਨ ਕੀਤਾ ਗਿਆ ਹੈ। ਇੱਕ ਅਧਿਕਾਰਤ ਬਿਆਨ ਦੇ ਅਨੁਸਾਰ, ਹਵਾਈ ਅੱਡੇ ਵਿੱਚ ਸੰਚਾਲਨ ਕੁਸ਼ਲਤਾ ਵਧਾਉਣ ਅਤੇ ਭਵਿੱਖ ਦੀਆਂ ਹਵਾਬਾਜ਼ੀ ਲੋੜਾਂ ਨੂੰ ਪੂਰਾ ਕਰਨ ਲਈ ਉੱਨਤ ਬੁਨਿਆਦੀ ਢਾਂਚੇ, ਅਤਿ-ਆਧੁਨਿਕ ਤਕਨੀਕਾਂ ਅਤੇ ਟਿਕਾਊ ਸਹੂਲਤਾਂ ਨੂੰ ਸ਼ਾਮਲ ਕੀਤਾ ਗਿਆ ਹੈ।
ਇਸ ਹਵਾਈ ਅੱਡੇ ਨਾਲ ਖੇਤਰ ਵਿੱਚ ਹਵਾਈ ਸੰਪਰਕ ਮਜ਼ਬੂਤ ਹੋਣ ਦੇ ਨਾਲ-ਨਾਲ ਆਂਧਰਾ ਪ੍ਰਦੇਸ਼ ਵਿੱਚ ਸੈਰ-ਸਪਾਟਾ, ਵਪਾਰ, ਨਿਵੇਸ਼ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਵੀ ਕਾਫ਼ੀ ਉਮੀਦ ਹੈ।




## ਵਿਸ਼ਵ ਲੰਗ ਕੈਂਸਰ ਦਿਵਸ ਮੌਕੇ ਭਗਵੰਤ ਮਾਨ ਸਰਕਾਰ ਨੇ ਮੁਫ਼ਤ ਕੈਂਸਰ ਇਲਾਜ ਅਤੇ ਰੋਕਥਾਮ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ

**ਚੰਡੀਗੜ੍ਹ 1 ਅਗਸਤ**
**-ਛਤਰਪਾਲ ਸਿੰਘ-**

ਵਿਸ਼ਵ ਲੰਗ ਕੈਂਸਰ ਦਿਵਸ ਮੌਕੇ ਭਗਵੰਤ ਮਾਨ ਸਰਕਾਰ ਨੇ ਇੱਕ ਸਧਾਰਨ ਪਰ ਬਹੁਤ ਅਹਿਮ ਸੰਦੇਸ਼ ਦਿੱਤਾ ਹੈ ਕਿ ਕੋਈ ਵੀ ਵਿਅਕਤੀ ਸਿਰਫ਼ ਇਸ ਕਰਕੇ ਫ਼ੇਫੜਿਆਂ ਦੇ ਕੈਂਸਰ ਖਿਲਾਫ ਜੰਗ ਨਾ ਹਾਰੇ ਕਿਉਂਕਿ ਉਹ ਇਲਾਜ ਦਾ ਖ਼ਰਚਾ ਨਹੀਂ ਝੱਲ ਸਕਦਾ। ਮੁੱਖ ਮੰਤਰੀ ਸਿਹਤ ਯੋਜਨਾ (ਐਮਐਮਐਸਵਾਈ) ਰਾਹੀਂ ਸੂਬਾ ਸਰਕਾਰ ਨਾ ਸਿਰਫ਼ ਜੀਵਨ-ਰੱਖਿਅਕ ਇਲਾਜ ਦਾ ਖ਼ਰਚਾ ਚੁੱਕ ਰਹੀ ਹੈ, ਸਗੋਂ ਬੀਮਾਰੀ ਹੋਣ ਤੋਂ ਪਹਿਲਾਂ ਹੀ ਇਸ ਦੀ ਰੋਕਥਾਮ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ। ਅੰਕੜੇ ਦਰਸਾਉਂਦੇ ਹਨ ਕਿ ਇਹ ਵਚਨਬੱਧਤਾ ਹੁਣ ਲੋਕਾਂ ਲਈ ਅਸਲ ਸਹਾਰਾ ਬਣ ਰਹੀ ਹੈ। ਹੁਣ ਤੱਕ ਯੋਜਨਾ ਤਹਿਤ 708 ਫੇਫੜਾ ਕੈਂਸਰ ਮਰੀਜ਼ਾਂ ਨੂੰ ਪੂਰੀ ਤਰ੍ਹਾਂ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਗਿਆ ਹੈ, ਜਿਸ ਲਈ 3.43 ਕਰੋੜ ਰੁਪਏ ਦੇ ਕਲੇਮ ਮਨਜ਼ੂਰ ਕੀਤੇ ਜਾ ਚੁੱਕੇ ਹਨ। ਇਸ ਨਾਲ ਸੈਂਕੜੇ ਪਰਿਵਾਰਾਂ ਨੂੰ ਹਸਪਤਾਲ ਦੇ ਖ਼ਰਚਿਆਂ ਦੀ ਚਿੰਤਾ ਤੋਂ ਮੁਕਤੀ ਮਿਲੀ ਹੈ ਅਤੇ ਉਹ ਆਪਣੇ ਪਰਿਵਾਰਕ ਮੈਂਬਰਾਂ ਦੀ ਸਿਹਤਯਾਬੀ 'ਤੇ ਧਿਆਨ ਦੇ ਸਕੇ ਹਨ। ਇਸ ਮੌਕੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਫ਼ੇਫੜਿਆਂ ਦਾ ਕੈਂਸਰ ਦੁਨੀਆ ਦੇ ਸਭ ਤੋਂ ਘਾਤਕ ਕੈਂਸਰਾਂ ਵਿੱਚੋਂ ਇੱਕ ਹੈ, ਪਰ ਇਹ ਅਜਿਹੀ ਬੀਮਾਰੀ ਵੀ ਹੈ ਜਿਸ ਵਿੱਚ ਪਰਹੇਜ਼ ਅਤੇ ਸਮੇਂ ਸਿਰ ਇਲਾਜ ਨਾਲ ਨਤੀਜਿਆਂ ਵਿੱਚ ਵੱਡਾ ਸੁਧਾਰ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਲੋਕਾਂ ਨੂੰ ਇਲਾਜ ਦੇ ਖ਼ਰਚੇ ਦੀ ਚਿੰਤਾ ਕੀਤੇ ਬਿਨਾਂ ਸਮੇਂ ਸਿਰ ਇਲਾਜ ਮਿਲੇ। ਸਾਡੀ ਜ਼ਿੰਮੇਵਾਰੀ ਸਿਰਫ਼ ਇਲਾਜ ਮੁਹੱਈਆ ਕਰਵਾਉਣ ਤੱਕ ਸੀਮਿਤ ਨਹੀਂ। ਅਸੀਂ ਇਹ ਵੀ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਲੋਕ ਸਮੇਂ ਸਿਰ ਹਸਪਤਾਲ ਪਹੁੰਚਣ ਅਤੇ ਕਿਸੇ ਵੀ ਮਰੀਜ਼ ਨੂੰ ਮਿਆਰੀ ਸਿਹਤ ਸੇਵਾਵਾਂ ਲੈਣ ਵਾਸਤੇ ਆਰਥਿਕ ਤੰਗੀ ਕੋਈ ਰੁਕਾਵਟ ਨਾ ਬਣੇ। ਤੰਬਾਕੂ ਕੰਟਰੋਲ ਦੇ ਖੇਤਰ ਵਿੱਚ ਪੰਜਾਬ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਨੇ ਪੂਰੇ ਦੇਸ਼ ਲਈ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ, ਵਿਸ਼ਵ ਫੇਫੜਾ ਕੈਂਸਰ ਦਿਵਸ ਮੌਕੇ ਨੈਸ਼ਨਲ ਫੈਮਲੀ ਹੈਲਥ ਸਰਵੇਖਣ (ਐਨਐਫਐਚਐਸ-6) ਵੱਲੋਂ ਭਾਰਤ ਵਿੱਚ ਸਭ ਤੋਂ ਘੱਟ ਤੰਬਾਕੂ ਸੇਵਨ ਵਾਲੇ ਸੂਬੇ ਵਜੋਂ ਪੰਜਾਬ ਨੂੰ ਮਿਲੀ ਮਾਨਤਾ ਸਾਡੀਆਂ ਨਿਰੰਤਰ ਜਾਗਰੂਕਤਾ ਮੁਹਿੰਮਾਂ, ਪ੍ਰਭਾਵਸ਼ਾਲੀ ਤੰਬਾਕੂ ਕੰਟਰੋਲ ਉਪਾਵਾਂ ਅਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਦੀ ਸਫ਼ਲਤਾ ਦਾ ਪ੍ਰਤੀਕ ਹੈ। ਇਹ ਪ੍ਰਾਪਤੀ ਸਾਡੇ ਇਸ ਭਰੋਸੇ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਫ਼ੇਫੜਿਆਂ ਦੇ ਕੈਂਸਰ ਖ਼ਿਲਾਫ਼ ਰੋਕਥਾਮ ਹੀ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹੈ।
ਮੈਂ ਹਰ ਨਾਗਰਿਕ ਨੂੰ ਅਪੀਲ ਕਰਦਾ ਹਾਂ ਕਿ ਉਹ ਤੰਬਾਕੂ ਤੋਂ ਦੂਰ ਰਹੇ, ਸਿਹਤਮੰਦ ਜੀਵਨ ਸ਼ੈਲੀ ਅਪਣਾਏ ਅਤੇ ਸਿਹਤਮੰਦ, ਕੈਂਸਰ-ਮੁਕਤ ਪੰਜਾਬ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਏ। ਵਿਸ਼ਵ ਸਿਹਤ ਸੰਗਠਨ ਅਨੁਸਾਰ ਫੇਫੜਾ ਕੈਂਸਰ ਅੱਜ ਵੀ ਵਿਸ਼ਵ ਪੱਧਰ 'ਤੇ ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਦਾ ਸਭ ਤੋਂ ਵੱਡਾ ਕਾਰਨ ਹੈ ਅਤੇ ਤੰਬਾਕੂ ਦਾ ਸੇਵਨ ਇਸ ਦਾ ਸਭ ਤੋਂ ਵੱਡਾ ਕਾਰਕ ਬਣਿਆ ਹੋਇਆ ਹੈ। ਭਾਰਤ ਵਿੱਚ ਵੀ ਤੰਬਾਕੂ ਦੀ ਵਧਦੀ ਵਰਤੋਂ ਅਤੇ ਬੀਮਾਰੀ ਦੀ ਦੇਰ ਨਾਲ ਪਛਾਣ ਕਾਰਨ ਇਸ ਦਾ ਬੋਝ ਲਗਾਤਾਰ ਵਧ ਰਿਹਾ ਹੈ। ਅਜਿਹੇ ਹਾਲਾਤਾਂ ਵਿੱਚ ਰੋਕਥਾਮ, ਜਾਗਰੂਕਤਾ ਅਤੇ ਸਮੇਂ ਸਿਰ ਜਾਂਚ ਪਹਿਲਾਂ ਨਾਲੋਂ ਵੀ ਵੱਧ ਮਹੱਤਵਪੂਰਨ ਹੋ ਗਈ ਹੈ।

ਪੰਜਾਬ ਰਾਜ ਸਿਹਤ ਏਜੰਸੀ (ਐਸ.ਐਚ.ਏ.) ਤੋਂ ਪ੍ਰਾਪਤ ਅੰਕੜਿਆਂ ਅਨੁਸਾਰ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭ ਪ੍ਰਾਪਤ ਕਰਨ ਵਾਲੇ 708 ਮਰੀਜ਼ਾਂ ਵਿੱਚੋਂ 413 ਪੁਰਸ਼ ਹਨ, ਜਿਨ੍ਹਾਂ ਦੇ ਇਲਾਜ 'ਤੇ 1,89,68,865 ਰੁਪਏ ਖ਼ਰਚ ਕੀਤੇ ਗਏ ਹਨ, ਜਦਕਿ 295 ਔਰਤਾਂ ਨੂੰ 1,53,19,215 ਰੁਪਏ ਦੀ ਲਾਗਤ ਵਾਲਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਗਿਆ ਹੈ।

ਉਮਰ ਅਨੁਸਾਰ ਵਿਸ਼ਲੇਸ਼ਣ ਦਰਸਾਉਂਦਾ ਹੈ ਕਿ ਸਭ ਤੋਂ ਵੱਧ 286 ਲਾਭਪਾਤਰੀ 61 ਤੋਂ 75 ਸਾਲ ਉਮਰ ਵਰਗ ਨਾਲ ਸਬੰਧਤ ਹਨ, ਜਿਨ੍ਹਾਂ ਦੇ ਇਲਾਜ 'ਤੇ 1,34,56,310 ਰੁਪਏ ਖ਼ਰਚ ਕੀਤੇ ਗਏ। ਇਸ ਤੋਂ ਬਾਅਦ 46 ਤੋਂ 60 ਸਾਲ ਉਮਰ ਵਰਗ ਦੇ 247 ਮਰੀਜ਼ਾਂ ਨੂੰ 1,24,83,240 ਰੁਪਏ ਦਾ ਇਲਾਜ ਮੁਹੱਈਆ ਕਰਵਾਇਆ ਗਿਆ। ਯੋਜਨਾ ਤਹਿਤ 31 ਤੋਂ 45 ਸਾਲ ਉਮਰ ਵਰਗ ਦੇ 100, 19 ਤੋਂ 30 ਸਾਲ ਉਮਰ ਵਰਗ ਦੇ 9 ਅਤੇ 13 ਤੋਂ 18 ਸਾਲ ਉਮਰ ਵਰਗ ਦੇ 2 ਕਿਸ਼ੋਰ ਮਰੀਜ਼ਾਂ ਨੂੰ ਵੀ ਸਹਾਇਤਾ ਮਿਲੀ ਹੈ, ਜੋ ਇਹ ਦਰਸਾਉਂਦੇ ਹਨ ਕਿ ਫੇਫੜਾ ਕੈਂਸਰ ਵੱਖ-ਵੱਖ ਉਮਰ ਵਰਗਾਂ ਦੇ ਲੋਕਾਂ ਨੂੰ ਪ੍ਰਭਾਵਿਤ ਕਰ ਸਕਦਾ ਹੈ।

ਜ਼ਿਲ੍ਹਾ-ਵਾਰ ਅੰਕੜਿਆਂ ਅਨੁਸਾਰ ਬਠਿੰਡਾ ਵਿੱਚ ਸਭ ਤੋਂ ਵੱਧ 179 ਮਰੀਜ਼ਾਂ ਨੂੰ 1,46,02,300 ਰੁਪਏ ਦੀ ਲਾਗਤਨਾਲ ਇਲਾਜ ਮਿਲਿਆ। ਇਸ ਤੋਂ ਬਾਅਦ ਸੰਗਰੂਰ ਵਿੱਚ 163 ਮਰੀਜ਼ਾਂ ਦੇ ਇਲਾਜ ਲਈ 56,62,600 ਰੁਪਏ ਅਤੇ ਫ਼ਰੀਦਕੋਟ ਵਿੱਚ 149 ਮਰੀਜ਼ਾਂ ਦੇ ਇਲਾਜ ਲਈ 37,85,760 ਰੁਪਏ ਦੇ ਕਲੇਮ ਮਨਜ਼ੂਰ ਕੀਤੇ ਗਏ। ਇਸ ਤੋਂ ਇਲਾਵਾ ਅੰਮ੍ਰਿਤਸਰ (55 ਮਰੀਜ਼), ਜਲੰਧਰ (42), ਪਟਿਆਲਾ (20), ਐਸ.ਏ.ਐਸ. ਨਗਰ (19), ਲੁਧਿਆਣਾ (11), ਫਤਿਹਗੜ੍ਹ ਸਾਹਿਬ (1) ਅਤੇ ਪਠਾਨਕੋਟ (1) ਦੇ ਮਰੀਜ਼ਾਂ ਨੇ ਵੀ ਇਸ ਯੋਜਨਾ ਦਾ ਲਾਭ ਲਿਆ। ਇਨ੍ਹਾਂ ਜ਼ਿਲ੍ਹਿਆਂ ਵਿੱਚ ਕੁੱਲ 640 ਲਾਭਪਾਤਰੀਆਂ ਨੂੰ 3,17,04,235 ਰੁਪਏ ਦਾ ਇਲਾਜ ਮੁਹੱਈਆ ਕਰਵਾਇਆ ਗਿਆ।

ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਰ ਕਿਸਮ ਦੇ ਤੰਬਾਕੂ ਤੋਂ ਦੂਰ ਰਹਿਣ, ਲਗਾਤਾਰ ਖੰਘ, ਛਾਤੀ ਵਿੱਚ ਦਰਦ, ਬਿਨਾਂ ਕਿਸੇ ਕਾਰਨ ਭਾਰ ਘਟਣਾ ਅਤੇ ਸਾਹ ਲੈਣ ਵਿੱਚ ਤਕਲੀਫ਼ ਵਰਗੇ ਚੇਤਾਵਨੀ ਸੰਕੇਤਾਂ ਨੂੰ ਨਜ਼ਰਅੰਦਾਜ਼ ਨਾ ਕਰਨ ਅਤੇ ਅਜਿਹੇ ਲੱਛਣ ਨਜ਼ਰ ਆਉਣ 'ਤੇ ਤੁਰੰਤ ਡਾਕਟਰੀ ਸਲਾਹ ਲੈਣ।

## 43 ਸਾਲਾ ਵਿਅਕਤੀ ਦੀ ਮੌਤ ਦਾ ਮਾਮਲਾ: ਮੁਹਾਲੀ ਦੇ ਮੈਕਸ ਹਸਪਤਾਲ ਅਤੇ ਡਾਕਟਰ ਦੋਸ਼ੀ ਕਰਾਰ

### ਇਲਾਜ ਵਿੱਚ ਲਾਪਰਵਾਹੀ ਦੇ ਲੱਗੇ ਦੋਸ਼; ਪੀੜਤ ਪਰਿਵਾਰ ਨੂੰ ਲੱਖਾਂ ਰੁਪਏ ਮੁਆਵਜ਼ਾ ਦੇਣ ਦੇ ਹੁਕਮ

**ਮੁਹਾਲੀ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਵੀਂ ਦਿੱਲੀ ਸਥਿਤ 'ਖਪਤਕਾਰ ਵਿਵਾਦ ਨਿਵਾਰਣ ਕਮਿਸ਼ਨ' ਨੇ ਮੁਹਾਲੀ ਦੇ ਪ੍ਰਸਿੱਧ 'ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ' ਅਤੇ ਇਸ ਦੇ ਕੰਸਲਟੈਂਟ ਡਾਕਟਰ ਸੁਧੀਰ ਸਕਸੇਨਾ ਨੂੰ ਮੈਡੀਕਲ ਲਾਪਰਵਾਹੀ ਅਤੇ ਸੇਵਾਵਾਂ 'ਚ ਕੋਤਾਹੀ ਦਾ ਦੋਸ਼ੀ ਠਹਿਰਾਉਣ ਵਾਲੇ ਪੰਜਾਬ ਰਾਜ ਕਮਿਸ਼ਨ ਦੇ ਫ਼ੈਸਲੇ ਨੂੰ ਬਰਕਰਾਰ ਰੱਖਿਆ ਹੈ। ਇਹ ਮਾਮਲਾ ਸਾਲ 2013 ਵਿੱਚ ਪਿੰਜੌਰ ਦੇ 43 ਸਾਲਾ ਰਿਸ਼ੀ ਗੁਪਤਾ ਦੀ ਪੇਸਮੇਕਰ ਲਗਾਉਣ ਤੋਂ ਬਾਅਦ ਹੋਈ ਮੌਤ ਨਾਲ ਸਬੰਧਤ ਹੈ। ਕਮਿਸ਼ਨ ਨੇ ਮੈਕਸ ਹਸਪਤਾਲ ਦੀ ਅਪੀਲ ਨੂੰ ਖਾਰਜ ਕਰਦਿਆਂ ਸਪੱਸ਼ਟ ਕੀਤਾ ਕਿ ਰਾਜ ਕਮਿਸ਼ਨ ਵੱਲੋਂ ਇੰਟਰਵੈਨਸ਼ਨਲ ਕਾਰਡੀਓਲਾਜਿਸਟ ਡਾ. ਸੁਧੀਰ ਸਕਸੇਨਾ ਅਤੇ ਮੈਕਸ ਹਸਪਤਾਲ ਨੂੰ ਦੋਸ਼ੀ ਠਹਿਰਾਉਣ ਦਾ ਫ਼ੈਸਲਾ ਸਬੂਤਾਂ ਅਤੇ ਕਾਨੂੰਨ ਦੀ ਸਹੀ ਪਰਖ 'ਤੇ ਆਧਾਰਿਤ ਹੈ, ਜਿਸ ਵਿੱਚ ਕਿਸੇ ਦਖ਼ਲ ਦੀ ਲੋੜ ਨਹੀਂ ਹੈ।

ਸ਼ਿਕਾਇਤਕਰਤਾ ਪੂਜਾ ਗੁਪਤਾ ਅਨੁਸਾਰ, ਉਸ ਦੇ ਪਤੀ ਰਿਸ਼ੀ ਗੁਪਤਾ (43) ਨੂੰ 17 ਸਤੰਬਰ 2013 ਨੂੰ ਛਾਤੀ ਵਿੱਚ ਗੰਭੀਰ ਦਰਦ ਕਾਰਨ ਮੈਕਸ ਹਸਪਤਾਲ ਮੁਹਾਲੀ ਦੇ ਆਈ.ਸੀ.ਯੂ. ਵਿੱਚ ਭਰਤੀ ਕਰਵਾਇਆ ਗਿਆ ਸੀ। ਰਿਸ਼ੀ ਦੀ 27 ਸਾਲ ਦੀ ਉਮਰ ਵਿੱਚ ਹੀ ਬਾਈਪਾਸ ਸਰਜਰੀ (CABG) ਹੋ ਚੁੱਕੀ ਸੀ। ਡਾ. ਸੁਧੀਰ ਸਕਸੇਨਾ ਨੇ ਉਸ ਨੂੰ ਪੇਸਮੇਕਰ ਲਗਾਉਣ ਦੀ ਸਲਾਹ ਦਿੱਤੀ ਅਤੇ 4 ਦਿਨਾਂ ਦੇ ਇਲਾਜ ਲਈ ਲਗਭਗ 5.5 ਲੱਖ ਰੁਪਏ ਦਾ ਪੈਕੇਜ ਤੈਅ ਕੀਤਾ ਗਿਆ।

ਪੂਜਾ ਦਾ ਦੋਸ਼ ਹੈ ਕਿ 20 ਸਤੰਬਰ ਨੂੰ 3 ਲੱਖ ਰੁਪਏ ਜਮ੍ਹਾਂ ਕਰਵਾਉਣ ਤੋਂ ਬਾਅਦ ਹੀ ਮਰੀਜ਼ ਨੂੰ ਸਰਜਰੀ ਲਈ ਲਿਜਾਇਆ ਗਿਆ। ਪੂਰੀ ਕਿੱਟ ਨਾ ਹੋਣ ਦੇ ਬਾਵਜੂਦ ਡਾਕਟਰ ਨੇ 45,000 ਰੁਪਏ ਦੀ ਕੀਮਤ ਵਾਲਾ 'ਡਬਲ ਚੈਂਬਰ ਪੇਸਮੇਕਰ' ਲਗਾ ਦਿੱਤਾ ਅਤੇ ਤੀਜੀ ਤਾਰ ਨਾ ਹੋਣ ਦਾ ਬਹਾਨਾ ਬਣਾ ਕੇ 'ਅਪਰੇਸ਼ਨ ਅਧੂਰਾ' ਛੱਡ ਦਿੱਤਾ। ਇਸ ਤੋਂ ਬਾਅਦ 22 ਸਤੰਬਰ ਨੂੰ ਦੂਜੀ ਸਰਜਰੀ ਕਰਕੇ 4,47,869 ਰੁਪਏ ਦੀ ਕੀਮਤ ਵਾਲਾ 'ਬਾਈਵੈਂਟ੍ਰੀਕੁਲਰ ਪੇਸਮੇਕਰ' ਲਗਾਇਆ ਗਿਆ, ਜੋ ਕਿ ਪਹਿਲਾਂ ਲਗਾਏ ਗਲਤ ਪੇਸਮੇਕਰ ਨੂੰ ਬਦਲਣ ਲਈ ਸੀ। 24 ਸਤੰਬਰ ਨੂੰ ਮਰੀਜ਼ ਨੂੰ ਦਰਦ ਹੋਣ ਦੇ ਬਾਵਜੂਦ ਜਲਦਬਾਜ਼ੀ 'ਚ ਛੁੱਟੀ ਦੇ ਦਿੱਤੀ ਗਈ। 27 ਸਤੰਬਰ ਨੂੰ ਰਿਸ਼ੀ ਗੁਪਤਾ ਨੂੰ ਮੁੜ ਗੰਭੀਰ ਹਾਰਟ ਅਟੈਕ ਆਇਆ, ਜਿਸ ਤੋਂ ਬਾਅਦ ਹਸਪਤਾਲ ਲਿਜਾਂਦੇ ਸਮੇਂ ਉਸ ਦੀ ਮੌਤ ਹੋ ਗਈ।

**32.94 ਲੱਖ ਰੁਪਏ ਦਾ ਮੁਆਵਜ਼ਾ**

ਗੰਭੀਰ ਮੈਡੀਕਲ ਲਾਪਰਵਾਹੀ, ਠੱਗੀ ਅਤੇ ਅਨੁਚਿਤ ਵਪਾਰਕ ਗਤੀਵਿਧੀਆਂ ਦਾ ਦੋਸ਼ ਲਗਾਉਂਦਿਆਂ ਪੀੜਤ ਪਤਨੀ ਨੇ 84.73 ਲੱਖ ਰੁਪਏ ਦੇ ਮੁਆਵਜ਼ੇ ਦੀ ਮੰਗ ਕੀਤੀ ਸੀ। 4 ਮਈ 2017 ਨੂੰ ਰਾਜ ਕਮਿਸ਼ਨ ਨੇ ਡਾ. ਸੁਧੀਰ ਸਕਸੇਨਾ ਅਤੇ ਮੈਕਸ ਹਸਪਤਾਲ ਨੂੰ ਦੋਸ਼ੀ ਮੰਨਦਿਆਂ ਸ਼ਿਕਾਇਤਕਰਤਾ ਨੂੰ 9% ਵਪਾਰਕ ਵਿਆਜ ਸਮੇਤ 32,94,000 ਰੁਪਏ ਦਾ ਜੁਰਮਾਨਾ ਭਰਨ ਦੇ ਹੁਕਮ ਦਿੱਤੇ ਸਨ।

## ਡੀਐਸਜੀਐਮਸੀ ਵੱਲੋਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਸੰਗਤ ਲਈ ਨਵਾਂ ਸ਼ੈੱਡ

**ਨਵੀਂ ਦਿੱਲੀ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਜਾਣਕਾਰੀ ਦਿੱਤੀ ਕਿ ਸ੍ਰੀ ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਲਈ ਆਉਣ ਵਾਲੀ ਸੰਗਤ ਦੀ ਸਹੂਲਤ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਇੱਕ ਨਵਾਂ ਸ਼ੈੱਡ ਸਥਾਪਿਤ ਕੀਤਾ ਗਿਆ ਹੈ।



ਉਨ੍ਹਾਂ ਕਿਹਾ ਕਿ ਇਹ ਨਵਾਂ ਸ਼ੈੱਡ ਭਾਵੇਂ ਇੱਕ ਛੋਟਾ ਜਿਹਾ ਉਪਰਾਲਾ ਹੈ, ਪਰ ਸੰਗਤ ਨੂੰ ਵਧੇਰੇ ਆਰਾਮ, ਸੁਰੱਖਿਆ ਅਤੇ ਸਹੂਲਤਾਂ ਦੇਣ ਲਈ ਇੱਕ ਅਹਿਮ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਇਸ ਗੱਲ ਲਈ ਵਚਨਬੱਧ ਰਹੀ ਹੈ ਕਿ ਗੁਰੂ ਘਰ ਆਉਣ ਵਾਲੇ ਹਰ ਸ਼ਰਧਾਲੂ ਨੂੰ ਵਧੀਆ ਪ੍ਰਬੰਧ ਅਤੇ ਸੁਖਦਾਇਕ ਮਾਹੌਲ ਮੁਹੱਈਆ ਕਰਵਾਇਆ ਜਾਵੇ।
ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸੰਕਲਪ ਹੈ ਕਿ ਗੁਰਦੁਆਰਾ ਸਾਹਿਬਾਂ ਦੇ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਨੂੰ ਲਗਾਤਾਰ ਆਧੁਨਿਕ ਅਤੇ ਹੋਰ ਬਿਹਤਰ ਬਣਾਇਆ ਜਾਵੇ, ਤਾਂ ਜੋ ਗੁਰੂ ਸਾਹਿਬ ਦੇ ਦਰ 'ਤੇ ਆਉਣ ਵਾਲਾ ਹਰ ਸ਼ਰਧਾਲੂ ਆਪਣੇ ਆਪ ਨੂੰ ਸੁਰੱਖਿਅਤ, ਆਰਾਮਦਾਇਕ ਅਤੇ ਸਨਮਾਨਤ ਮਹਿਸੂਸ ਕਰੇ।
ਡੀਐਸਜੀਐਮਸੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਭਵਿੱਖ ਵਿੱਚ ਵੀ ਸੰਗਤ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਤਰ੍ਹਾਂ ਦੇ ਲੋਕ-ਹਿੱਤ ਕਾਰਜ ਜਾਰੀ ਰੱਖੇਗੀ ਅਤੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਵਿਸ਼ਵ ਪੱਧਰੀ ਸਹੂਲਤਾਂ ਉਪਲਬਧ ਕਰਵਾਉਣ ਲਈ ਹਰ ਸੰਭਵ ਯਤਨ ਕਰੇਗੀ।

## ਪ੍ਰਧਾਨ ਮੰਤਰੀ ਵਿਦਿਆਰਥੀਆਂ 'ਤੇ ਬਰਬਰਤਾ ਲਈ ਮੁਆਫ਼ੀ ਮੰਗਣ ਦੀ ਬਜਾਏ ਵਿਕਟਮ ਕਾਰਡ ਖੇਡ ਰਹੇ: ਕਾਂਗਰਸ

**ਨਵੀਂ ਦਿੱਲੀ, 1 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**



ਕਾਂਗਰਸ ਨੇ ਸ਼ਨਿਚਰਵਾਰ ਨੂੰ ਕਿਹਾ ਕਿ ਨਰਿੰਦਰ ਮੋਦੀ ਇਹ ਕਹਿ ਕੇ ਕਿ ਉਨ੍ਹਾਂ ਨੇ ਉਨ੍ਹਾਂ ਨੌਜਵਾਨਾਂ ਨੂੰ ਮਾਫ਼ ਕਰ ਦਿੱਤਾ ਹੈ ਜਿਨ੍ਹਾਂ ਨੇ ਉਨ੍ਹਾਂ ਨੂੰ ਗਾਲ੍ਹਾਂ ਕੱਢੀਆਂ ਸਨ, ਵਿਕਟਮ ਕਾਰਡ ਖੇਡ ਰਹੇ ਹਨ। ਕਾਂਗਰਸ ਨੇ ਪ੍ਰਧਾਨ ਮੰਤਰੀ ਤੋਂ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਕੀਤੀ ਗਈ 'ਬਰਬਰਤਾ' ਅਤੇ ਪੇਪਰ ਲੀਕ ਕਾਰਨ ਉਨ੍ਹਾਂ ਦੇ ਝੱਲੇ ਦੁੱਖ ਲਈ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ।
ਵਿਰੋਧੀ ਪਾਰਟੀ ਨੇ ਇਹ ਵੀ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਦੀਆਂ 'ਇੰਸਟਾਗ੍ਰਾਮ ਸਭਾਵਾਂ', ਜਿਨ੍ਹਾਂ ਨੂੰ ਉਸ ਨੇ ਸਰਵਉੱਚ ਸਵੈ-ਮੋਹ (supreme self-obsession) ਦੀ ਕਾਰਵਾਈ ਕਰਾਰ ਦਿੱਤਾ, ਕਿਸੇ ਨੂੰ ਵੀ ਮੂਰਖ ਨਹੀਂ ਬਣਾ ਰਹੀਆਂ ਹਨ।

ਕਾਂਗਰਸ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ, ਕੱਲ੍ਹ ਦੇਰ ਰਾਤ, ਸਰਵਉੱਚ ਸਵੈ-ਮੋਹ ਦੇ ਇੱਕ ਕਾਰਜ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਾਡੇ ਨੌਜਵਾਨਾਂ ਨੂੰ ਮਾਫ਼ ਕਰ ਦਿੱਤਾ ਹੈ। ਇਹ ਰਾਸ਼ਟਰ ਅਤੇ ਸਾਡੇ ਨੌਜਵਾਨਾਂ ਦਾ ਅਪਮਾਨ ਹੈ, ਜਿਨ੍ਹਾਂ ਨੇ ਉਨ੍ਹਾਂ ਦੀ ਸਰਕਾਰ ਹੇਠ ਦੁੱਖ ਝੱਲਿਆ ਹੈ ਅਤੇ ਜਾਇਜ਼ ਤੌਰ 'ਤੇ ਉਨ੍ਹਾਂ ਤੋਂ ਮੁਆਫ਼ੀ ਦੀ ਮੰਗ ਕਰ ਰਹੇ ਹਨ। ਪ੍ਰਧਾਨ ਮੰਤਰੀ ਦੀਆਂ ਇੰਸਟਾਗ੍ਰਾਮ ਸਭਾਵਾਂ ਕਿਸੇ ਨੂੰ ਮੂਰਖ ਨਹੀਂ ਬਣਾ ਰਹੀਆਂ ਹਨ। ਸ਼ੁੱਕਰਵਾਰ ਰਾਤ ਨੂੰ ਪੋਸਟ ਕੀਤੀ ਗਈ ਇੱਕ ਇੰਸਟਾਗ੍ਰਾਮ ਵੀਡੀਓ ਵਿੱਚ, ਮੋਦੀ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਦੁੱਖ ਹੋਇਆ ਹੈ ਕਿ ਜੰਤਰ-ਮੰਤਰ ਵਿਖੇ ਇੱਥੋਂ ਤੱਕ ਕਿ ਉਨ੍ਹਾਂ ਦੀ ਮਰਹੂਮ ਮਾਂ ਨੂੰ ਵੀ ਭੱਦੀਆਂ ਗਾਲ੍ਹਾਂ ਕੱਢੀਆਂ ਗਈਆਂ ਅਤੇ ਅਫ਼ਸੋਸ ਪ੍ਰਗਟ ਕੀਤਾ ਕਿ ਸਾਡੀਆਂ ਧੀਆਂ ਨੇ ਅਜਿਹੀ ਭਾਸ਼ਾ ਦੀ ਵਰਤੋਂ ਕੀਤੀ ਹੈ, ਨਾਲ ਹੀ ਉਨ੍ਹਾਂ ਨੇ ਕੁਰਾਹੇ ਪਏ ਬੱਚਿਆਂ ਨੂੰ ਮਾਫ਼ ਕਰਨ ਦਾ ਸੱਦਾ ਵੀ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਸਮਾਜ ਵਿੱਚ ਵਿਆਪਕ ਪੀੜ ਨੂੰ ਸਮਝ ਸਕਦੇ ਹਨ, ਪਰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਨੌਜਵਾਨਾਂ ਨੂੰ ਗਲੇ ਲਗਾਉਣ ਅਤੇ ਉਨ੍ਹਾਂ ਨੂੰ ਸਹੀ ਰਸਤੇ 'ਤੇ ਅਗਵਾਈ ਕਰਨ ਦਾ ਸਮਾਂ ਹੈ। ਆਪਣੀ ਪੋਸਟ ਵਿੱਚ, ਰਮੇਸ਼ ਨੇ ਕਿਹਾ, ਸਵੈ-ਘੋਸ਼ਿਤ ਗੈਰ-ਜੀਵ ਵਿਗਿਆਨਕ ਪ੍ਰਧਾਨ ਮੰਤਰੀ ਵਿਕਟਮ ਕਾਰਡ ਖੇਡਣ ਦਾ ਆਨੰਦ ਲੈਂਦੇ ਹਨ। ਕਾਂਗਰਸ ਆਗੂ ਨੇ ਇਹ ਵੀ ਕਿਹਾ ਕਿ ਮੋਦੀ ਆਪਣੇ ਪੂਰਵਜਾਂ ਅਤੇ ਸਿਆਸੀ ਵਿਰੋਧੀਆਂ ਵਿਰੁੱਧ 'ਘਿਣਾਉਣੇ ਵਿਅੰਗ' ਦੀ ਵਰਤੋਂ ਕਰਦੇ ਹਨ। ਕਾਂਗਰਸੀ ਆਗੂ ਨੇ ਕਿਹਾ ਉਹ ਆਪਣੇ ਜਨਤਕ ਭਾਸ਼ਣਾਂ ਵਿੱਚ ਹੀ ਨਹੀਂ ਸਗੋਂ ਸੰਸਦ ਵਿੱਚ ਵੀ ਉਨ੍ਹਾਂ ਨੂੰ ਬਦਨਾਮ ਕਰਨ ਲਈ ਅਕਸਰ ਝੂਠ ਦਾ ਪ੍ਰਚਾਰ ਕਰਦੇ ਹਨ। ਉਹ ਸੰਸਦ ਦੇ ਅੰਦਰ ਅਤੇ ਬਾਹਰ ਗੰਦੀ ਜ਼ੁਬਾਨ ਵਾਲੇ ਅਪਰਾਧੀਆਂ ਦੀ ਇੱਕ ਫ਼ੌਜ ਛੱਡ ਦਿੰਦੇ ਹਨ ਅਤੇ ਉਨ੍ਹਾਂ ਨੂੰ ਪੂਰੀ ਸੁਰੱਖਿਆ ਦਿੰਦੇ ਹਨ।

## ਸੰਪਾਦਕੀ

# ਗਲੋਬਲ ਸਪਲਾਈ ਚੇਨ ਵਿੱਚ ਉਥਲ-ਪੁਥਲ ਲਈ ਕੀ ਭਾਰਤ ਲਈ ਨਿਰਮਾਣ ਖੇਤਰ ਵਿੱਚ ਸੁਨਹਿਰੀ ਮੌਕਾ ਹੈ ?

ਕੋਵਿਡ-19 ਮਹਾਂਮਾਰੀ, ਰੂਸ-ਯੂਕਰੇਨ ਯੁੱਧ, ਲਾਲ ਸਾਗਰ (Red Sea) ਵਿੱਚ ਸਮੁੰਦਰੀ ਸੁਰੱਖਿਆ ਸੰਕਟ, ਅਮਰੀਕਾ-ਚੀਨ ਵਪਾਰਕ ਤਣਾਅ ਅਤੇ ਵਧਦੀ ਭੂ-ਰਾਜਨੀਤਿਕ ਅਨਿਸ਼ਚਿਤਤਾ ਨੇ ਵਿਸ਼ਵ ਸਪਲਾਈ ਚੇਨ ਨੂੰ ਗੰਭੀਰ ਝਟਕੇ ਦਿੱਤੇ ਹਨ। ਜੋ ਕੰਪਨੀਆਂ ਪਹਿਲਾਂ ਉਤਪਾਦਨ ਲਈ ਮੁੱਖ ਤੌਰ 'ਤੇ ਚੀਨ 'ਤੇ ਨਿਰਭਰ ਸਨ, ਉਹ ਹੁਣ ਆਪਣੇ ਨਿਰਮਾਣ ਕੇਂਦਰਾਂ ਨੂੰ ਵੱਖ-ਵੱਖ ਦੇਸ਼ਾਂ ਵਿੱਚ ਫੈਲਾਉਣ ਦੀ ਨੀਤੀ—"China Plus One —ਅਪਣਾ ਰਹੀਆਂ ਹਨ। ਇਸ ਬਦਲਾਅ ਨੇ ਭਾਰਤ ਸਾਹਮਣੇ ਇੱਕ ਇਤਿਹਾਸਕ ਮੌਕਾ ਖੜ੍ਹਾ ਕੀਤਾ ਹੈ।

ਵਿਸ਼ਵ ਬੈਂਕ ਅਤੇ ਅੰਤਰਰਾਸ਼ਟਰੀ ਮੁਦਰਾ ਕੋਸ਼ (9$6) ਦੇ ਅਨੁਸਾਰ, ਗਲੋਬਲ ਵਪਾਰ ਦੀ ਦਿਸ਼ਾ ਤੇਜ਼ੀ ਨਾਲ ਬਦਲ ਰਹੀ ਹੈ। ਭਾਰਤ ਇਸ ਸਮੇਂ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਿਕਸਿਤ ਹੋ ਰਹੀਆਂ ਵੱਡੀਆਂ ਅਰਥਵਿਵਸਥਾਵਾਂ ਵਿੱਚੋਂ ਇੱਕ ਹੈ, ਜਿੱਥੇ 2025-26 ਦੌਰਾਨ ਵਿਕਾਸ ਦਰ ਲਗਭਗ 6 ਤੋਂ 6.5 ਫ਼ੀਸਦੀ ਰਹਿਣ ਦਾ ਅਨੁਮਾਨ ਹੈ। ਇਹ ਮਜ਼ਬੂਤ ਵਿਕਾਸ ਦਰ ਵਿਦੇਸ਼ੀ ਨਿਵੇਸ਼ਕਾਂ ਦਾ ਧਿਆਨ ਭਾਰਤ ਵੱਲ ਖਿੱਚ ਰਹੀ ਹੈ।

ਭਾਰਤ ਨੂੰ ਸਭ ਤੋਂ ਵੱਡਾ ਲਾਭ ਉਸਦੀ ਜਵਾਨ ਆਬਾਦੀ, ਵੱਡਾ ਘਰੇਲੂ ਬਾਜ਼ਾਰ, ਤੇਜ਼ੀ ਨਾਲ ਵਿਕਸਿਤ ਹੋ ਰਿਹਾ ਡਿਜ਼ੀਟਲ ਢਾਂਚਾ, ਅਤੇ ਸਰਕਾਰੀ ਪ੍ਰੋਡਕਸ਼ਨ ਲਿੰਕਡ ਇਨਸੈਂਟਿਵ (♦*9) ਯੋਜਨਾ ਤੋਂ ਮਿਲ ਸਕਦਾ ਹੈ। ਸਰਕਾਰ ਨੇ ਇਲੈਕਟ੍ਰਾਨਿਕਸ, ਸੈਮੀਕੰਡਕਟਰ, ਮੋਬਾਈਲ ਫੋਨ, ਸੌਰ ਉਪਕਰਨ, ਦਵਾਈਆਂ, ਡਰੋਨ, ਟੈਕਸਟਾਈਲ ਅਤੇ ਆਟੋਮੋਬਾਈਲ ਸਮੇਤ ਕਈ ਖੇਤਰਾਂ ਲਈ ਹਜ਼ਾਰਾਂ ਕਰੋੜ ਰੁਪਏ ਦੀਆਂ ਪ੍ਰੋਤਸਾਹਨ ਯੋਜਨਾਵਾਂ ਲਾਗੂ ਕੀਤੀਆਂ ਹਨ। ਇਸ ਦਾ ਨਤੀਜਾ ਹੈ ਕਿ ਅੱਜ ਭਾਰਤ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਮੋਬਾਈਲ ਫੋਨ ਨਿਰਮਾਤਾ ਬਣ ਚੁੱਕਾ ਹੈ ਅਤੇ ਇਲੈਕਟ੍ਰਾਨਿਕਸ ਨਿਰਯਾਤ ਵਿੱਚ ਵੀ ਤੇਜ਼ ਵਾਧਾ ਦਰਜ ਕੀਤਾ ਗਿਆ ਹੈ।

ਪਰ ਹਰ ਮੌਕੇ ਨਾਲ ਚੁਣੌਤੀਆਂ ਵੀ ਹੁੰਦੀਆਂ ਹਨ। ਭਾਰਤ ਵਿੱਚ ਅਜੇ ਵੀ ਲੌਜਿਸਟਿਕ ਲਾਗਤ ਵਿਕਸਿਤ ਦੇਸ਼ਾਂ ਦੇ ਮੁਕਾਬਲੇ ਵੱਧ ਹੈ। ਬੰਦਰਗਾਹਾਂ, ਰੇਲ ਮਾਲ ਢੁਆਈ, ਗੋਦਾਮ ਪ੍ਰਬੰਧਨ, ਬਿਜਲੀ ਦੀ ਭਰੋਸੇਯੋਗ ਸਪਲਾਈ ਅਤੇ ਹੁਨਰਮੰਦ ਮਨੁੱਖੀ ਸ਼ਕਤੀ ਦੇ ਖੇਤਰ ਵਿੱਚ ਹੋਰ ਸੁਧਾਰ ਦੀ ਲੋੜ ਹੈ। ਜੇ ਕੋਈ ਬਹੁ-ਰਾਸ਼ਟਰੀ ਕੰਪਨੀ ਚੀਨ ਤੋਂ ਉਤਪਾਦਨ ਹਟਾ ਕੇ ਭਾਰਤ ਲਿਆਉਣਾ ਚਾਹੁੰਦੀ ਹੈ, ਤਾਂ ਉਸਨੂੰ ਸਿਰਫ਼ ਸਸਤੀ ਮਜ਼ਦੂਰੀ ਨਹੀਂ, ਸਗੋਂ ਤੇਜ਼ ਮਨਜ਼ੂਰੀਆਂ, ਸਥਿਰ ਨੀਤੀਆਂ ਅਤੇ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਵੀ ਚਾਹੀਦਾ ਹੈ।

ਪੰਜਾਬ ਵਰਗੇ ਉਦਯੋਗਿਕ ਰਾਜਾਂ ਲਈ ਵੀ ਇਹ ਮੌਕਾ ਮਹੱਤਵਪੂਰਨ ਹੈ। ਲੁਧਿਆਣਾ ਦਾ ਸਾਈਕਲ ਅਤੇ ਟੈਕਸਟਾਈਲ ਉਦਯੋਗ, ਜਲੰਧਰ ਦਾ ਖੇਡ ਸਮਾਨ, ਮੋਹਾਲੀ ਦਾ ਇਲੈਕਟ੍ਰਾਨਿਕਸ ਅਤੇ ਆਈਟੀ ਖੇਤਰ ਅਤੇ ਰਾਜ ਦੀ ਖੇਤੀ-ਆਧਾਰਿਤ ਫੂਡ ਪ੍ਰੋਸੈਸਿੰਗ ਉਦਯੋਗ ਵਿਸ਼ਵ ਸਪਲਾਈ ਚੇਨ ਦਾ ਹਿੱਸਾ ਬਣ ਸਕਦੇ ਹਨ। ਇਸ ਲਈ ਰਾਜ ਸਰਕਾਰ ਨੂੰ ਉਦਯੋਗ-ਅਨੁਕੂਲ ਨੀਤੀਆਂ, ਹੁਨਰ ਵਿਕਾਸ, ਨਿਰਯਾਤ ਸਹਾਇਤਾ ਅਤੇ ਬਿਹਤਰ ਲੌਜਿਸਟਿਕ ਢਾਂਚੇ 'ਤੇ ਵਿਸ਼ੇਸ਼ ਧਿਆਨ ਦੇਣਾ ਹੋਵੇਗਾ।

ਆਉਣ ਵਾਲਾ ਦਹਾਕਾ ਭਾਰਤ ਲਈ ਨਿਰਣਾਇਕ ਹੋ ਸਕਦਾ ਹੈ। ਜੇ ਅਸੀਂ ਸੁਧਾਰਾਂ ਦੀ ਰਫ਼ਤਾਰ ਬਰਕਰਾਰ ਰੱਖੀ, ਖੋਜ ਅਤੇ ਨਵੀਨਤਾ ਵਿੱਚ ਨਿਵੇਸ਼ ਵਧਾਇਆ ਅਤੇ ਵਿਸ਼ਵ ਪੱਧਰੀ ਨਿਰਮਾਣ ਮਿਆਰ ਅਪਣਾਏ, ਤਾਂ ਭਾਰਤ ਸਿਰਫ਼ ਇੱਕ ਵੱਡਾ ਬਾਜ਼ਾਰ ਨਹੀਂ, ਸਗੋਂ ਦੁਨੀਆ ਦਾ ਭਰੋਸੇਯੋਗ ਮੈਨੂਫੈਕਚਰਿੰਗ ਹੱਬ ਬਣ ਸਕਦਾ ਹੈ।

ਗਲੋਬਲ ਸਪਲਾਈ ਚੇਨ ਦਾ ਸੰਕਟ ਭਾਰਤ ਲਈ ਇੱਕ ਇਮਤਿਹਾਨ ਵੀ ਹੈ ਅਤੇ ਇੱਕ ਇਤਿਹਾਸਕ ਮੌਕਾ ਵੀ। ਜੇ ਨੀਤੀ, ਉਦਯੋਗ ਅਤੇ ਹੁਨਰ ਇਕੱਠੇ ਚੱਲਣ, ਤਾਂ ਮੇਕ ਇਨ ਇੰਡੀਆ ਸਿਰਫ਼ ਇੱਕ ਨਾਅਰਾ ਨਹੀਂ ਰਹੇਗਾ, ਸਗੋਂ ਵਿਸ਼ਵ ਅਰਥਵਿਵਸਥਾ ਦੀ ਨਵੀਂ ਹਕੀਕਤ ਬਣ ਸਕਦਾ ਹੈ।

**-ਛੱਤਰਪਾਲ ਸਿੰਘ**




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪਨਪਦੇ ਗੈਂਗਸਟਰ ਸੱਭਿਆਚਾਰ ਵਿੱਚ ਕੀ ਪੰਜਾਬ ਦੀ ਕਾਨੂੰਨ ਵਿਵਸਥਾ ਲੋਕਾਂ ਦਾ ਵਿਸ਼ਵਾਸ ਮੁੜ ਜਿੱਤ ਸਕੇਗੀ



ਗੁਰਮੀਤ ਸਿੰਘ ਤੰਗ
ਬਿਊਰੋ ਚੀਫ਼.
9855221193

ਜਦੋਂ ਕਿਸੇ ਸਮਾਜ ਵਿੱਚ ਬੰਦੂਕ ਦਾ ਖੌਫ਼ ਕਾਨੂੰਨ ਦੇ ਡਰ ਤੋਂ ਵੱਡਾ ਹੋ ਜਾਵੇ, ਤਾਂ ਸਮੱਸਿਆ ਸਿਰਫ਼ ਅਪਰਾਧ ਦੀ ਨਹੀਂ ਰਹਿੰਦੀ, ਸਗੋਂ ਲੋਕਾਂ ਦੇ ਭਰੋਸੇ ਦੀ ਬਣ ਜਾਂਦੀ ਹੈ।

ਪੰਜਾਬ ਨੇ ਇੱਕ ਸਮਾਂ ਉਦਯੋਗ, ਖੇਤੀਬਾੜੀ, ਖੇਡਾਂ ਅਤੇ ਭਾਈਚਾਰਕ ਸਾਂਝ ਲਈ ਪਛਾਣ ਬਣਾਈ ਸੀ। ਪਰ ਪਿਛਲੇ ਕੁਝ ਸਾਲਾਂ ਵਿੱਚ ਗੈਂਗਸਟਰ ਸੱਭਿਆਚਾਰ, ਜੇਲ੍ਹਾਂ ਵਿੱਚੋਂ ਚੱਲਦੇ ਅਪਰਾਧਿਕ ਨੈੱਟਵਰਕ, ਸਰਹੱਦ ਪਾਰੋਂ ਆਉਂਦੇ ਹਥਿਆਰ ਅਤੇ ਨਸ਼ਿਆਂ ਨਾਲ ਜੁੜੀ ਅਪਰਾਧਿਕ ਅਰਥਵਿਵਸਥਾ ਨੇ ਲੋਕਾਂ ਦੇ ਮਨ ਵਿੱਚ ਸੁਰੱਖਿਆ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਗੋਲੀਬਾਰੀਆਂ, ਫਿਰੌਤੀ ਦੀਆਂ ਧਮਕੀਆਂ, ਸੋਸ਼ਲ ਮੀਡੀਆ 'ਤੇ ਗੈਂਗਾਂ ਦੀ ਦਹਿਸ਼ਤ ਅਤੇ ਨੌਜਵਾਨਾਂ ਵਿੱਚ ਅਪਰਾਧੀਆਂ ਦਾ ਹੀਰੋ ਬਣਨਾ ਚਿੰਤਾ ਦਾ ਵਿਸ਼ਾ ਹੈ।

ਅੰਕੜੇ ਕੀ ਕਹਿੰਦੇ ਹਨ ?

ਭਾਰਤ ਦੇ ਅਪਰਾਧ ਰਿਕਾਰਡ ਬਿਊਰੋ (©3♣2) ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਹਰ ਸਾਲ ਹਜ਼ਾਰਾਂ ਸੰਗੀਨ ਅਪਰਾਧ ਦਰਜ ਹੁੰਦੇ ਹਨ। ਹਾਲੀਆ ਸਾਲਾਂ ਵਿੱਚ ਕਤਲ, ਫਿਰੌਤੀ, ਗੈਰ-ਕਾਨੂੰਨੀ ਹਥਿਆਰਾਂ ਦੀ ਬਰਾਮਦਗੀ ਅਤੇ ਸੰਗਠਿਤ ਅਪਰਾਧ ਨਾਲ ਜੁੜੇ ਮਾਮਲਿਆਂ ਨੇ ਕਾਨੂੰਨ-ਵਿਵਸਥਾ 'ਤੇ ਦਬਾਅ ਬਣਾਇਆ ਹੈ।

ਦੂਜੇ ਪਾਸੇ, ਪੰਜਾਬ ਪੁਲਿਸ ਨੇ 2025-26 ਦੌਰਾਨ ਕਈ ਵੱਡੇ ਗੈਂਗਾਂ ਦੇ ਮੈਂਬਰ ਗ੍ਰਿਫ਼ਤਾਰ ਕੀਤੇ, ਵਿਦੇਸ਼ਾਂ ਤੋਂ ਚੱਲ ਰਹੇ ਮਾਡਿਊਲਾਂ ਦਾ ਪਰਦਾਫਾਸ਼ ਕੀਤਾ, ਅਤੇ ਸਰਹੱਦ ਰਾਹੀਂ ਆਏ ਆਧੁਨਿਕ ਹਥਿਆਰਾਂ ਅਤੇ ਨਸ਼ਿਆਂ ਦੀਆਂ ਵੱਡੀਆਂ ਖੇਪਾਂ ਜ਼ਬਤ ਕੀਤੀਆਂ। ਕਈ ਮਾਮਲਿਆਂ ਵਿੱਚ ਡਰੋਨਾਂ ਰਾਹੀਂ ਹਥਿਆਰ ਅਤੇ ਹੈਰੋਇਨ ਭੇਜਣ ਵਾਲੇ ਨੈੱਟਵਰਕਾਂ ਨੂੰ ਵੀ ਤੋੜਿਆ ਗਿਆ। ਇਹ ਸਫ਼ਲਤਾਵਾਂ ਦਰਸਾਉਂਦੀਆਂ ਹਨ ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਸਰਗਰਮ ਹਨ, ਪਰ ਚੁਣੌਤੀ ਵੀ ਉਨੀ ਹੀ ਗੰਭੀਰ ਹੈ।

ਗੈਂਗਸਟਰ ਸੱਭਿਆਚਾਰ ਕਿਉਂ ਵਧਿਆ ?

ਗੈਂਗਸਟਰ ਇੱਕ ਦਿਨ ਵਿੱਚ ਨਹੀਂ ਬਣਦਾ। ਇਸ ਦੇ ਪਿੱਛੇ ਕਈ ਕਾਰਕ ਹੁੰਦੇ ਹਨ—

* ਬੇਰੁਜ਼ਗਾਰੀ ਅਤੇ ਆਰਥਿਕ ਅਸਮਾਨਤਾ
* ਨਸ਼ਿਆਂ ਦਾ ਜਾਲ
* ਸੋਸ਼ਲ ਮੀਡੀਆ 'ਤੇ ਅਪਰਾਧੀਆਂ ਦੀ ਮਹਿਮਾ
* ਜੇਲ੍ਹਾਂ ਵਿੱਚੋਂ ਚੱਲਦੇ ਗਿਰੋਹ
* ਵਿਦੇਸ਼ਾਂ ਵਿੱਚ ਬੈਠੇ ਅਪਰਾਧਿਕ ਨੈੱਟਵਰਕ
* ਤੇਜ਼ੀ ਨਾਲ ਪੈਸਾ ਅਤੇ ਸ਼ੋਹਰਤ ਹਾਸਲ ਕਰਨ ਦੀ ਮਨੋਵਿਰਤੀ

ਜਦੋਂ ਮਿਹਨਤ ਨਾਲੋਂ ਹਥਿਆਰ ਅਤੇ ਦਹਿਸ਼ਤ ਨੂੰ ਸਫ਼ਲਤਾ ਸਮਝਿਆ ਜਾਣ ਲੱਗੇ, ਤਾਂ ਸਮਾਜ ਨੂੰ ਆਤਮ-ਚਿੰਤਨ ਕਰਨ ਦੀ ਲੋੜ ਹੁੰਦੀ ਹੈ।

ਪੁਲਿਸ ਦੀ ਭੂਮਿਕਾ: ਸਿਰਫ਼ ਮੁਕਾਬਲਾ ਨਹੀਂ, ਖੁਫੀਆ ਤੰਤਰ ਵੀ

ਪੁਲਿਸ ਦਾ ਕੰਮ ਸਿਰਫ਼ ਅਪਰਾਧ ਹੋਣ ਤੋਂ ਬਾਅਦ ਕਾਰਵਾਈ ਕਰਨਾ ਨਹੀਂ, ਸਗੋਂ ਅਪਰਾਧ ਨੂੰ ਰੋਕਣਾ ਵੀ ਹੈ। ਇਸ ਲਈ ਲੋੜ ਹੈ ਕਿ—

* ਖੁਫੀਆ ਜਾਣਕਾਰੀ ਇਕੱਠੀ ਕਰਨ ਦੀ ਸਮਰੱਥਾ ਹੋਰ ਮਜ਼ਬੂਤ ਕੀਤੀ ਜਾਵੇ।
* ਸਾਈਬਰ ਨਿਗਰਾਨੀ ਰਾਹੀਂ ਵਿਦੇਸ਼ੀ ਮਾਡਿਊਲਾਂ ਅਤੇ ਸੋਸ਼ਲ ਮੀਡੀਆ ਨੈੱਟਵਰਕਾਂ 'ਤੇ ਨਜ਼ਰ ਰੱਖੀ ਜਾਵੇ।
* ਜੇਲ੍ਹਾਂ ਵਿੱਚ ਮੋਬਾਈਲ ਫੋਨ, ਇੰਟਰਨੈੱਟ ਅਤੇ ਗੈਰ-ਕਾਨੂੰਨੀ ਸੰਚਾਰ 'ਤੇ ਪੂਰੀ ਰੋਕ ਲਗਾਈ ਜਾਵੇ।
* ਗਵਾਹ ਸੁਰੱਖਿਆ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇ।
* ਸੰਗਠਿਤ ਅਪਰਾਧ ਦੀ ਆਰਥਿਕ ਜੜ੍ਹ—ਹਵਾਲਾ, ਨਸ਼ਾ ਅਤੇ ਫਿਰੌਤੀ ਦੇ ਪੈਸੇ—'ਤੇ ਸਖ਼ਤ ਕਾਰਵਾਈ ਕੀਤੀ ਜਾਵੇ।

ਪੁਲਿਸ ਦੀ ਸਖ਼ਤੀ ਜ਼ਰੂਰੀ ਹੈ, ਪਰ ਇਸ ਦੇ ਨਾਲ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕਾਂ ਨਾਲ ਭਰੋਸੇਮੰਦ ਸੰਬੰਧ ਵੀ ਉਨੇ ਹੀ ਮਹੱਤਵਪੂਰਨ ਹਨ।

ਨੌਜਵਾਨਾਂ 'ਤੇ ਸਭ ਤੋਂ ਵੱਡਾ ਅਸਰ

ਅੱਜ ਦਾ ਸਭ ਤੋਂ ਵੱਡਾ ਖ਼ਤਰਾ ਇਹ ਨਹੀਂ ਕਿ ਗੈਂਗਸਟਰ ਅਪਰਾਧ ਕਰ ਰਹੇ ਹਨ; ਅਸਲ ਖ਼ਤਰਾ ਇਹ ਹੈ ਕਿ ਕੁਝ ਨੌਜਵਾਨ ਉਨ੍ਹਾਂ ਨੂੰ ਰੋਲ ਮਾਡਲ ਵਜੋਂ ਦੇਖਣ ਲੱਗੇ ਹਨ।

ਮਹਿੰਗੀਆਂ ਕਾਰਾਂ, ਹਥਿਆਰਾਂ ਦੀ ਨੁਮਾਇਸ਼, ਗੀਤਾਂ ਅਤੇ ਸੋਸ਼ਲ ਮੀਡੀਆ ਰਾਹੀਂ ਬਣਾਈ ਗਈ ਝੂਠੀ ਸ਼ਾਨ ਕਈ ਨੌਜਵਾਨਾਂ ਨੂੰ ਭਟਕਾ ਰਹੀ ਹੈ। ਪਰ ਉਹ ਇਹ ਨਹੀਂ ਦੇਖਦੇ ਕਿ ਇਸ ਰਸਤੇ ਦਾ ਅੰਤ ਜੇਲ੍ਹ, ਮੁਕਾਬਲਾ ਜਾਂ ਮੌਤ ਹੁੰਦਾ ਹੈ।

ਪੰਜਾਬ ਨੂੰ ਆਪਣੇ ਨੌਜਵਾਨਾਂ ਨੂੰ ਇਹ ਸੰਦੇਸ਼ ਦੇਣਾ ਹੋਵੇਗਾ ਕਿ ਅਸਲ ਹੀਰੋ ਉਹ ਹੈ ਜੋ ਮਿਹਨਤ, ਸਿੱਖਿਆ, ਖੇਡ, ਫੌਜ, ਖੇਤੀ, ਉਦਯੋਗ ਜਾਂ ਸਮਾਜ ਸੇਵਾ ਰਾਹੀਂ ਨਾਮ ਕਮਾਉਂਦਾ ਹੈ—ਨਾ ਕਿ ਦਹਿਸ਼ਤ ਫੈਲਾ ਕੇ।

ਸਮਾਜ ਦੀ ਜ਼ਿੰਮੇਵਾਰੀ

ਗੈਂਗਸਟਰ ਸੱਭਿਆਚਾਰ ਨੂੰ ਸਿਰਫ਼ ਪੁਲਿਸ ਨਹੀਂ ਰੋਕ ਸਕਦੀ।

* ਮਾਪੇ ਬੱਚਿਆਂ ਦੀ ਸੰਗਤ ਅਤੇ ਡਿਜ਼ਿਟਲ ਗਤੀਵਿਧੀਆਂ 'ਤੇ ਧਿਆਨ ਦੇਣ।
* ਸਕੂਲ ਅਤੇ ਕਾਲਜ ਕਾਨੂੰਨੀ ਜਾਗਰੂਕਤਾ ਅਤੇ ਨੈਤਿਕ ਸਿੱਖਿਆ ਨੂੰ ਉਤਸ਼ਾਹਿਤ ਕਰਨ।
* ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ ਦੇਣ।
* ਮੀਡੀਆ ਅਤੇ ਮਨੋਰੰਜਨ ਜਗਤ ਅਪਰਾਧ ਦੀ ਮਹਿਮਾ ਕਰਨ ਦੀ ਬਜਾਏ ਉਸਦੇ ਨਤੀਜੇ ਵੀ ਦਿਖਾਉਣ।
* ਲੋਕ ਬਿਨਾਂ ਡਰ ਦੇ ਪੁਲਿਸ ਨੂੰ ਜਾਣਕਾਰੀ ਦੇਣ ਅਤੇ ਗਵਾਹ ਬਣਨ ਲਈ ਅੱਗੇ ਆਉਣ।

ਸਰਕਾਰ ਦੀ ਨੀਤੀ: ਸਿਰਫ਼ ਐਨਕਾਊਂਟਰ ਨਹੀਂ, ਸੰਸਥਾਗਤ ਸੁਧਾਰ

ਰਾਜ ਸਰਕਾਰ ਨੇ ਸੰਗਠਿਤ ਅਪਰਾਧ, ਨਸ਼ਿਆਂ ਅਤੇ ਸਰਹੱਦੀ ਤਸਕਰੀ ਵਿਰੁੱਧ ਕਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਹਨ। ਕੇਂਦਰੀ ਏਜੰਸੀਆਂ, ਬੀਐਸਐਫ, ਐਨਆਈਏ ਅਤੇ ਪੰਜਾਬ ਪੁਲਿਸ ਵਿਚਕਾਰ ਤਾਲਮੇਲ ਵੀ ਵਧਾਇਆ ਗਿਆ ਹੈ। ਪਰ ਅਸਲ ਸਫ਼ਲਤਾ ਲਈ ਲੰਬੇ ਸਮੇਂ ਦੀ ਨੀਤੀ ਲੋੜੀਂਦੀ ਹੈ—

* ਨੌਜਵਾਨਾਂ ਲਈ ਰੁਜ਼ਗਾਰ ਅਤੇ ਹੁਨਰ ਵਿਕਾਸ
* ਖੇਡ ਢਾਂਚੇ ਵਿੱਚ ਨਿਵੇਸ਼
* ਨਸ਼ਾ-ਰੋਕੂ ਅਤੇ ਮਾਨਸਿਕ ਸਿਹਤ ਪ੍ਰੋਗਰਾਮ
* ਤੇਜ਼ ਅਤੇ ਪ੍ਰਭਾਵਸ਼ਾਲੀ ਨਿਆਂ ਪ੍ਰਣਾਲੀ
* ਜੇਲ੍ਹ ਸੁਧਾਰ ਅਤੇ ਸੰਗਠਿਤ ਅਪਰਾਧ ਦੇ ਵਿੱਤੀ ਸਰੋਤਾਂ 'ਤੇ ਵਾਰ

ਆਉਣ ਵਾਲਾ ਭਵਿੱਖ

ਜੇ ਅੱਜ ਗੈਂਗਸਟਰ ਸੱਭਿਆਚਾਰ ਨੂੰ ਗੰਭੀਰਤਾ ਨਾਲ ਨਾ ਰੋਕਿਆ ਗਿਆ, ਤਾਂ ਇਸ ਦਾ ਪ੍ਰਭਾਵ ਸਿਰਫ਼ ਕਾਨੂੰਨ-ਵਿਵਸਥਾ ਤੱਕ ਸੀਮਤ ਨਹੀਂ ਰਹੇਗਾ। ਨਿਵੇਸ਼ ਘਟੇਗਾ, ਉਦਯੋਗ ਪ੍ਰਭਾਵਿਤ ਹੋਣਗੇ, ਸੈਰ-ਸਪਾਟਾ ਕਮਜ਼ੋਰ ਹੋਵੇਗਾ, ਅਤੇ ਸਭ ਤੋਂ ਵੱਡਾ ਨੁਕਸਾਨ ਪੰਜਾਬ ਦੇ ਨੌਜਵਾਨਾਂ ਦਾ ਹੋਵੇਗਾ। ਪਰ ਜੇ ਪੁਲਿਸ ਦੀ ਸਖ਼ਤੀ, ਸਰਕਾਰ ਦੀ ਦੂਰਦਰਸ਼ੀ ਨੀਤੀ ਅਤੇ ਸਮਾਜ ਦੀ ਸਰਗਰਮ ਭਾਗੀਦਾਰੀ ਇਕੱਠੇ ਚੱਲਣ, ਤਾਂ ਪੰਜਾਬ ਦੁਬਾਰਾ ਸ਼ਾਂਤੀ, ਤਰੱਕੀ ਅਤੇ ਭਰੋਸੇ ਦਾ ਪ੍ਰਤੀਕ ਬਣ ਸਕਦਾ ਹੈ। ਕਾਨੂੰਨ ਦਾ ਰਾਜ ਸਿਰਫ਼ ਅਪਰਾਧੀਆਂ ਦੀ ਗ੍ਰਿਫ਼ਤਾਰੀ ਨਾਲ ਨਹੀਂ, ਸਗੋਂ ਲੋਕਾਂ ਦੇ ਮਨ ਵਿੱਚ ਸੁਰੱਖਿਆ ਦੀ ਭਾਵਨਾ ਨਾਲ ਸਥਾਪਿਤ ਹੁੰਦਾ ਹੈ। ਪੰਜਾਬ ਅੱਗੇ ਚੁਣੌਤੀ ਵੱਡੀ ਹੈ, ਪਰ ਇਤਿਹਾਸ ਗਵਾਹ ਹੈ ਕਿ ਇਹ ਧਰਤੀ ਹਰ ਸੰਕਟ ਤੋਂ ਉੱਠ ਕੇ ਖੜ੍ਹੀ ਹੋਈ ਹੈ। ਹੁਣ ਸਮਾਂ ਹੈ ਕਿ ਪੰਜਾਬ ਗੈਂਗਸਟਰਾਂ ਦੇ ਡਰ ਨਾਲ ਨਹੀਂ, ਕਾਨੂੰਨ ਦੇ ਭਰੋਸੇ ਨਾਲ ਜਾਣਿਆ ਜਾਵੇ। ਬੰਦੂਕ ਦੀ ਆਵਾਜ਼ ਨਾਲ ਨਹੀਂ, ਸਿੱਖਿਆ, ਰੁਜ਼ਗਾਰ ਅਤੇ ਸਮਾਜਿਕ ਏਕਤਾ ਦੀ ਤਾਕਤ ਨਾਲ ਨਵੇਂ ਪੰਜਾਬ ਦੀ ਨੀਂਹ ਰੱਖੀ ਜਾਵੇ।

# ਨਸ਼ਿਆਂ ਵਿਰੁੱਧ ਜੰਗ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ : ਰਾਜਪਾਲ ਗੁਲਾਬ ਚੰਦ ਕਟਾਰੀਆ

**ਪਟਿਆਲਾ, 1 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਹੈ ਕਿ ਨਸ਼ਿਆਂ ਵਿਰੁੱਧ ਲੜਾਈ ਕੇਵਲ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਸਿਰਫ਼ ਪੰਜਾਬ ਦੀ ਹੀ ਨਹੀਂ, ਸਗੋਂ ਪੂਰੇ ਦੇਸ਼ ਦੀ ਗੰਭੀਰ ਸਮੱਸਿਆ ਹੈ ਕਿਉਂਕਿ ਦੇਸ਼ ਵਿਰੋਧੀ ਤਾਕਤਾਂ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਦੇ ਜਾਲ ਵਿੱਚ ਫਸਾ ਕੇ ਦੇਸ਼ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਰਚ ਰਹੀਆਂ ਹਨ।

ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵਿਖੇ 'ਯੁੱਧ ਨਸ਼ਿਆਂ ਵਿਰੁੱਧ-ਨਸ਼ਾ ਮੁਕਤ ਪੰਜਾਬ ਵੱਲ' ਵਿਸ਼ੇ 'ਤੇ ਕੌਮੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਹਰਿਆਣਾ ਦੇ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼ ਵੀ ਮੌਜੂਦ ਸਨ, ਜਿਨ੍ਹਾਂ ਸਮੇਤ ਪੰਜਾਬ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨੇ ਨਸ਼ਿਆਂ ਦੀ ਸਮੱਸਿਆ ਦੇ ਹੱਲ ਲਈ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ।

ਸ੍ਰੀ ਕਟਾਰੀਆ ਨੇ ਭਰੋਸਾ ਜਤਾਇਆ ਕਿ ਸਰਕਾਰ, ਪ੍ਰਸ਼ਾਸਨ, ਵਿਦਿਅਕ ਸੰਸਥਾਵਾਂ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਅਤੇ ਆਮ ਲੋਕਾਂ ਦੇ ਸਾਂਝੇ ਯਤਨਾਂ ਨਾਲ ਨਸ਼ਿਆਂ ਦੀ ਇਸ ਬੁਰਾਈ ਨੂੰ ਜੜ੍ਹੋਂ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮੂਹਿਕ ਜਨ ਅੰਦੋਲਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਡੀ ਅਗਲੀ ਪੀੜ੍ਹੀ ਨੂੰ ਬਚਾਉਣਾ ਹੀ ਦੇਸ਼ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਹੈ।



ਰਾਜਪਾਲ ਕਟਾਰੀਆ ਨੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਫ਼ਲਤਾ ਦੇ ਅੰਕੜਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਯੁੱਧ ਕੇਵਲ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਤੱਕ ਸੀਮਤ ਨਹੀਂ, ਸਗੋਂ ਨੌਜਵਾਨਾਂ ਨੂੰ ਜਾਗਰੂਕ ਕਰਨ, ਇਲਾਜ, ਮੁੜ ਵਸੇਬੇ, ਸਿੱਖਿਆ, ਖੇਡਾਂ ਅਤੇ ਹੁਨਰ ਵਿਕਾਸ ਨਾਲ ਜੋੜਨ ਦੀ ਇੱਕ ਵਿਆਪਕ ਸਮਾਜਿਕ ਮੁਹਿੰਮ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ, ਸਕੂਲਾਂ ਅਤੇ ਹੋਰ ਵਿਦਿਅਕ ਅਦਾਰਿਆਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਖੋਜ, ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਵਿੱਚ ਅਹਿਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਨੇ ਸਾਰੇ ਵਾਈਸ ਚਾਂਸਲਰਾਂ ਤੇ ਹੋਰ ਸਿੱਖਿਆ ਸ਼ਾਸਤਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਕੈਂਪਸ ਸੰਭਾਲਣ ਅਤੇ ਨਸ਼ਿਆਂ ਦੀ ਲਤ ਲਗਾ ਚੁੱਕੇ ਵਿਦਿਆਰਥੀਆਂ ਨਾਲ ਰਾਬਤਾ ਕਰਕੇ ਉਨ੍ਹਾਂ ਦੀ ਨਸ਼ਾ ਮੁਕਤੀ 'ਚ ਮਦਦ ਕਰਨ। ਸ੍ਰੀ ਕਟਾਰੀਆ ਨੇ ਕਿਹਾ ਕਿ ਹੁਣ ਜਾਗਣ ਦਾ ਵੇਲਾ ਹੈ ਅਤੇ ਨਸ਼ਿਆਂ ਦੀ ਦਲਦਲ 'ਚ ਫਸੇ ਨੌਜਵਾਨਾਂ ਨੂੰ ਤ੍ਰਿਸਕਾਰ ਦੀ ਥਾਂ ਪਿਆਰ ਦੀ ਲੋੜ ਹੈ ਕਿਉਂਕਿ ਨਸ਼ਿਆਂ ਦੇ ਹਾਲਾਤ ਪੈਦਾ ਕਰਨ ਲਈ ਜ਼ਿੰਮੇਵਾਰ ਵੀ ਅਸੀਂ ਹੀ ਹਾਂ ਤੇ ਹੁਣ ਇਸ ਬਿਮਾਰੀ ਨੂੰ ਦੂਰ ਕਰਨਾ ਵੀ ਸਾਡੀ ਜ਼ਿੰਮੇਵਾਰੀ ਹੈ।

ਇਸ ਦੌਰਾਨ ਹਰਿਆਣਾ ਦੇ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼ ਨੇ ਵੀ ਨਸ਼ਿਆਂ ਦੀ ਸਮੱਸਿਆ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨਾਲ ਹਰਿਆਣਾ ਦੀ ਪ੍ਰਥਮ ਮਹਿਲਾ ਸ਼੍ਰੀਮਤੀ ਮਿਤਰਾ ਘੋਸ਼ ਵੀ ਮੌਜੂਦ ਸਨ। ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਦੇ ਵਾਈਸ ਚਾਂਸਲਰ ਪ੍ਰੋ. ਜੈ ਸ਼ੰਕਰ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੁਲਿਸ ਅਧਿਕਾਰੀਆਂ ਨੂੰ ਨਸ਼ਾ ਤਸਕਰਾਂ ਖ਼ਿਲਾਫ਼ ਮਜ਼ਬੂਤ ਕਾਨੂੰਨੀ ਕਾਰਵਾਈ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਸਬੰਧੀ ਵਿਸ਼ੇਸ਼ ਕਾਨੂੰਨੀ ਸਿਖਲਾਈ ਦਿੱਤੀ ਜਾ ਰਹੀ ਹੈ।

ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪੁਸ਼ਪਿੰਦਰ ਸਿੰਘ ਗਿੱਲ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਨਸ਼ਿਆਂ ਦੀ ਸਮਾਜਿਕ ਸਮੱਸਿਆ ਦੇ ਪ੍ਰਭਾਵਸ਼ਾਲੀ ਹੱਲਾਂ ਬਾਰੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਨੇ ਵੀ ਸੰਬੋਧਨ ਕਰਦਿਆਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵਿਦਿਅਕ ਸੰਸਥਾਵਾਂ ਦੀ ਭੂਮਿਕਾ ਉੱਤੇ ਜ਼ੋਰ ਦਿੱਤਾ।

ਕਾਨਫਰੰਸ ਦੇ ਪ੍ਰਬੰਧਕੀ ਸਕੱਤਰ ਡਾ. ਜਸਲੀਨ ਕੇਵਲਾਨੀ ਨੇ ਕਾਨਫਰੰਸ ਦੇ ਉਦੇਸ਼ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕਾਨਫਰੰਸ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਹਿਯੋਗ ਨਾਲ ਕਰਵਾਈ ਗਈ ਹੈ।

ਡਾ. ਜਸਲੀਨ ਕੇਵਲਾਨੀ ਨੇ ਦੱਸਿਆ ਕਿ ਕਾਨਫਰੰਸ ਦਾ ਉਦੇਸ਼ ਨਸ਼ਿਆਂ ਦੀ ਦੁਰਵਰਤੋਂ ਦੀ ਵਧ ਰਹੀ ਚੁਣੌਤੀ 'ਤੇ ਵਿਚਾਰ-ਵਟਾਂਦਰਾ ਕਰਨਾ ਅਤੇ ਵਿਦਿਅਕ ਸੰਸਥਾਵਾਂ, ਕਾਨੂੰਨੀ ਜਾਗਰੂਕਤਾ, ਖੇਡਾਂ, ਪੁਨਰਵਾਸ ਅਤੇ ਭਾਈਚਾਰਕ ਭਾਗੀਦਾਰੀ ਨੂੰ ਸ਼ਾਮਲ ਕਰਨ ਵਾਲੀ ਇੱਕ ਵਿਆਪਕ ਰਣਨੀਤੀ ਦੀ ਪੜਚੋਲ ਕਰਨਾ ਸੀ।

ਕਾਨਫਰੰਸ ਦੇ ਅੰਤ ਵਿੱਚ ਲਾਅ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਇਵਨੀਤ ਵਾਲੀਆ ਨੇ ਧੰਨਵਾਦ ਕੀਤਾ। ਇਸ ਮੌਕੇ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਪ੍ਰੋ ਸਤਬੀਰ ਸਿੰਘ ਗੋਸਲ, ਪ੍ਰੋ ਅਜੇ ਰੰਗਾ, ਡੀਨ ਅਕਾਦਮਿਕ ਡਾ. ਨਰੇਸ਼ ਕੁਮਾਰ ਵਤਸ, ਡੀਨ ਖੋਜ ਡਾ. ਕਮਲਜੀਤ ਕੌਰ, ਡਾ. ਜਸਲੀਨ ਕੇਵਲਾਨੀ, ਐਸ ਐਸ ਪੀ ਵਰੁਣ ਸ਼ਰਮਾ, ਐਸ ਪੀ ਵੈਭਵ ਚੌਧਰੀ, ਏਡੀਸੀ ਨਵਰੀਤ ਕੌਰ ਸੇਖੋਂ, ਡਾ. ਅੰਕਿਤ ਸ਼੍ਰੀਵਾਸਤਵ, ਡਾ. ਬ੍ਰਿੰਦਪ੍ਰੀਤ ਕੌਰ, ਡਾ. ਗਗਨ ਪ੍ਰੀਤ, ਡਾ. ਗੁਰਮਨਪ੍ਰੀਤ, ਪ੍ਰੋਫੈਸਰ ਡਾ. ਕਮਲਜੀਤ, ਡਾ. ਰਚਨਾ ਸ਼ਰਮਾ, ਡਾ. ਵਜ਼ੀਦਾ ਰਹਿਮਾਨ, ਹਰਕਿਰਨ ਸਿੰਘ, ਡਾ. ਕੋਮਲ ਜੈਨ, ਡਾ. ਨੀਲਮ ਕੇ. ਸ਼ਰਮਾ ਅਤੇ ਸਪੋਰਟਸ ਯੂਨੀਵਰਸਿਟੀ ਤੋਂ ਕਰਨਲ ਪਰਮਿੰਦਰ ਸਿੰਘ ਸਿੱਧੂ, ਪ੍ਰਬੰਧਕੀ ਕਮੇਟੀ ਤੇ ਫੈਕਲਟੀ ਮੈਂਬਰ, ਖੋਜਕਰਤਾ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਸਮਾਗਮ ਵਿੱਚ ਪ੍ਰੋ. (ਡਾ.) ਜੈ ਸ਼ੰਕਰ ਸਿੰਘ ਤੇ ਡਾ. ਜਸਵਿੰਦਰ ਕੌਰ ਦੀਆਂ ਕਿਤਾਬਾਂ ਸਮੇਤ ਡਾ. ਬੀਰੇਂਦਰ ਸਿੰਘ ਦੁਆਰਾ ਲਿਖੀ ਤੇ ਡਾ. ਜਸਲੀਨ ਕੇਵਲਾਨੀ ਵੱਲੋਂ ਸੰਪਾਦਕ ਕਿਤਾਬ ਵੀ ਜਾਰੀ ਕੀਤੀ ਗਈ।

# ਮਲਟੀਪਰਪਜ ਸਕੂਲ ਦੇ 14 ਵਿਦਿਆਰਥੀਆਂ ਨੇ ਜੇਈਈ ਤੇ ਨੀਟ ਕੀਤਾ ਕੁਆਲੀਫਾਈ

**ਪਟਿਆਲਾ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹਿਰ ਦੇ ਨਾਮਵਰ ਵਿੱਦਿਅਕ ਅਦਾਰੇ ਪੀਐਮ ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਦੇ ਅੱਠ ਵਿਦਿਆਰਥੀਆਂ ਨੇ ਜੇਈਈ ਅਤੇ ਛੇ ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਕੁਆਲੀਫਾਈ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਜਿਸ ਦੇ ਚਲਦਿਆਂ ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਵਿਖੇ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਪੀਐੱਮ ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਪਾਸੀ ਰੋਡ ਦੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੂੰ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸੀਨੀਅਰ ਆਪ ਆਗੂ ਮਨੀਸ਼ ਸਿਸੋਦੀਆ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਹ ਸਨਮਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਾਲ 2026 ਵਿੱਚ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਕੀਤੇ ਗਏ ਸ਼ਾਨਦਾਰ ਪ੍ਰਦਰਸ਼ਨ ਦੇ ਮੱਦੇਨਜ਼ਰ ਦਿੱਤਾ ਗਿਆ। ਸਕੂਲ ਦੇ 8 ਵਿਦਿਆਰਥੀਆਂ ਨੇ ਜੇਈਈ ਪ੍ਰੀਖਿਆ ਅਤੇ 6 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਸਫਲਤਾਪੂਰਵਕ ਯੋਗਤਾ ਪ੍ਰਾਪਤ ਕਰਕੇ



ਨੀਟ ਵਿੱਚ ਸਫਲ ਵਿਦਿਆਰਥੀਆਂ ਵਿੱਚ ਰਾਜਵੰਸ਼ ਆਹਲੂਵਾਲੀਆ, ਨਵਜੋਤ ਸਿੰਘ, ਵਿਧਿਤਾ, ਇਸ਼ਨੂਰ ਕੌਰ, ਮਨਿੰਦਰ ਸਿੰਘ ਅਤੇ ਸੀਮਾ ਗੁਪਤਾ ਸ਼ਾਮਲ ਹਨ ਜਦਕਿ ਜੇਈਈ ਵਿੱਚ 8 ਵਿਦਿਆਰਥੀਆਂ ਦੀ ਸਫਲਤਾ ਵੀ ਸਕੂਲ ਦੀ ਅਕਾਦਮਿਕ ਉਪਲਬਧੀ ਦਾ ਪ੍ਰਮਾਣ ਹੈ।

ਸਨਮਾਨ ਸਮਾਰੋਹ ਦੌਰਾਨ ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਦੀ ਮਿਹਨਤ ਸਦਕਾ ਅੱਜ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਰਾਸ਼ਟਰੀ ਪੱਧਰ ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਲਗਾਤਾਰ ਸਫਲਤਾ ਹਾਸਲ ਕਰ ਰਹੇ ਹਨ। ਉਨ੍ਹਾਂ ਨੇ ਪ੍ਰਿੰਸੀਪਲ ਵਿਜੇ ਕਪੂਰ ਅਤੇ ਸਕੂਲ ਦੀ ਸਮੂਹ ਅਧਿਆਪਕ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਹੋਰ ਸਕੂਲਾਂ ਲਈ ਵੀ ਪ੍ਰੇਰਣਾਦਾਇਕ ਹੈ।

ਇਸ ਮੌਕੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੇ ਇਸ ਸਨਮਾਨ ਦਾ ਸਿਹਰਾ ਸਕੂਲ ਦੇ ਸਮਰਪਿਤ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਦਿੰਦਿਆਂ ਕਿਹਾ ਕਿ ਟੀਮ ਵਰਕ, ਯੋਜਨਾਬੱਧ ਤਿਆਰੀ ਅਤੇ ਨਿਰੰਤਰ ਮਿਹਨਤ ਦੇ ਨਤੀਜੇ ਵਜੋਂ ਇਹ ਸ਼ਾਨਦਾਰ ਸਫਲਤਾ ਸੰਭਵ ਹੋਈ ਹੈ। ਉਨ੍ਹਾਂ ਨੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਹੋਰ ਬਿਹਤਰ ਮਾਹੌਲ ਪ੍ਰਦਾਨ ਕਰਨ ਦਾ ਭਰੋਸਾ ਦਿੱਤਾ। ਇਸ ਸਨਮਾਨ ਨਾਲ ਪੀਐੱਮ ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਪਾਸੀ ਰੋਡ, ਪਟਿਆਲਾ ਨੇ ਇੱਕ ਵਾਰ ਫਿਰ ਇਹ ਸਾਬਤ ਕੀਤਾ ਹੈ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਆਪਣੀ ਯੋਗਤਾ, ਮਿਹਨਤ ਅਤੇ ਅਧਿਆਪਕਾਂ ਦੀ ਰਹਿਨੁਮਾਈ ਨਾਲ ਦੇਸ਼ ਦੀਆਂ ਵੱਕਾਰੀ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਸਕਦੇ ਹਨ। ਪੰਜਾਬ ਸਰਕਾਰ ਤੋਂ ਸਨਮਾਨ ਪ੍ਰਾਪਤ ਕਰਕੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਦਾ ਸਕੂਲ ਪਹੁੰਚਣ 'ਤੇ ਸਮੁੱਚੇ ਸਟਾਫ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸਨਮਾਨ ਮਿਲਣ 'ਤੇ ਜ਼ਿਲ੍ਹਾ ਸਿੱਖਿਆ ਅਫਸਰ ਪਟਿਆਲਾ ਸ਼ਾਲੂ ਮਹਿਰਾ ਵੱਲੋਂ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ।




# ਫਿਰੋਜ਼ਪੁਰ ਕੇਂਦਰੀ ਜੇਲ੍ਹ 'ਚ ਮੋਬਾਈਲ ਪਹੁੰਚਾਉਣ ਦੇ ਦੋਸ਼ ਹੇਠ ਅਸਿਸਟੈਂਟ ਜੇਲ੍ਹ ਸੁਪਰਡੈਂਟ ਗ੍ਰਿਫ਼ਤਾਰ

**ਫਿਰੋਜ਼ਪੁਰ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਇੱਕ ਵਾਰ ਫਿਰ ਤੋਂ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ। ਜੇਲ੍ਹ ਅੰਦਰ ਬੰਦ ਹਵਾਲਾਤੀਆਂ ਅਤੇ ਕੈਦੀਆਂ ਤੱਕ ਗੈਰ-ਕਾਨੂੰਨੀ ਤਰੀਕੇ ਨਾਲ ਮੋਬਾਈਲ ਫ਼ੋਨ ਪਹੁੰਚਾਉਣ ਦੇ ਇੱਕ ਵੱਡੇ ਮਾਮਲੇ ਵਿੱਚ ਪੁਲੀਸ ਨੇ ਸ਼ਿਕੰਜਾ ਕੱਸਦਿਆਂ ਜੇਲ੍ਹ ਦੇ ਅਸਿਸਟੈਂਟ ਸੁਪਰਡੈਂਟ ਬਿੰਨੀ ਟਾਂਗ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਇਸ ਗ੍ਰਿਫ਼ਤਾਰੀ ਤੋਂ ਬਾਅਦ ਜੇਲ੍ਹ ਪ੍ਰਸ਼ਾਸਨ ਅਤੇ ਪੁਲੀਸ ਮਹਿਕਮੇ ਵਿੱਚ ਹੜਕੰਪ ਮਚ ਗਿਆ ਹੈ। ਪੁਲੀਸ ਮੁਤਾਬਕ ਜੇਲ੍ਹ ਦੇ ਅੰਦਰ ਪੈਸੇ ਲੈ ਕੇ ਮੋਬਾਈਲ ਫ਼ੋਨ ਅਤੇ ਹੋਰ ਸ਼ੱਕੀ ਸਮੱਗਰੀ ਪਹੁੰਚਾਉਣ ਦਾ ਇੱਕ ਪੂਰਾ ਨੈੱਟਵਰਕ ਚੱਲ ਰਿਹਾ ਸੀ, ਜਿਸ 'ਤੇ ਹੁਣ ਸ਼ਿਕੰਜਾ ਕੱਸਿਆ ਜਾ ਰਿਹਾ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ, ਇਸ ਮਾਮਲੇ ਦੀ ਸ਼ੁਰੂਆਤ 29 ਜੁਲਾਈ 2026 ਨੂੰ ਹੋਈ ਸੀ, ਜਦੋਂ ਪੁਲੀਸ ਨੇ ਕੇਂਦਰੀ ਜੇਲ੍ਹ ਦੇ ਵਾਰਡਨ ਰਾਹੁਲ ਖ਼ਿਲਾਫ਼ ਮਾਮਲਾ ਦਰਜ ਕੀਤਾ ਸੀ।

ਵਾਰਡਨ ਕੋਲੋਂ ਪੁੱਛਗਿੱਛ ਅਤੇ ਜਾਂਚ ਦੇ ਦੌਰਾਨ ਕੁਝ ਅਜਿਹੇ ਠੋਸ ਸਬੂਤ ਅਤੇ ਤੱਥ ਸਾਹਮਣੇ ਆਏ, ਜਿਨ੍ਹਾਂ ਨੇ ਜੇਲ੍ਹ ਦੇ ਉੱਚ ਅਧਿਕਾਰੀਆਂ ਦੀ ਭੂਮਿਕਾ 'ਤੇ ਵੀ ਸਵਾਲੀਆ ਨਿਸ਼ਾਨ ਲਗਾ ਦਿੱਤੇ।

ਇਨ੍ਹਾਂ ਮਿਲੇ ਸਬੂਤਾਂ ਦੇ ਆਧਾਰ 'ਤੇ ਹੀ ਪੁਲੀਸ ਨੇ ਕਾਰਵਾਈ ਨੂੰ ਅੱਗੇ ਵਧਾਉਂਦਿਆਂ ਅਸਿਸਟੈਂਟ ਜੇਲ੍ਹ ਸੁਪਰਡੈਂਟ ਬਿੰਨੀ ਟਾਂਗ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ। ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਜੇਲ੍ਹ ਅੰਦਰ ਹਵਾਲਾਤੀਆਂ ਤੱਕ ਮੋਬਾਈਲ ਫ਼ੋਨ ਪਹੁੰਚਾਉਣ ਲਈ ਮੋਟੀਆਂ ਰਕਮਾਂ (ਰਿਸ਼ਵਤ) ਲਈਆਂ ਜਾਂਦੀਆਂ ਸਨ। ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਐੱਸ.ਪੀ.ਡੀ. ਮਨਜੀਤ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਸਿਸਟੈਂਟ ਸੁਪਰਡੈਂਟ ਬਿੰਨੀ ਟਾਂਗ ਨੂੰ ਅਦਾਲਤ ਵਿੱਚ ਪੇਸ਼ ਕਰਕੇ ਉਸ ਦਾ ਪੁਲੀਸ ਰਿਮਾਂਡ ਹਾਸਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਡੀ.ਐੱਸ.ਪੀ. ਪੱਧਰ ਦੇ ਅਧਿਕਾਰੀ ਵਲੋਂ ਸਿੱਧੀ ਦੇਖ-ਰੇਖ ਹੇਠ ਕੀਤੀ ਜਾ ਰਹੀ ਹੈ। ਐੱਸ.ਪੀ.ਡੀ. ਨੇ ਦੱਸਿਆ ਕਿ ਪੁਲ✱ਸ ਇਸ ਗੱਲ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਜੇਲ੍ਹ ਅੰਦਰ ਮੋਬਾਈਲ ਫ਼ੋਨ ਪਹੁੰਚਾਉਣ ਲਈ ਕਿੰਨੇ ਪੈਸਿਆਂ ਦਾ ਲੈਣ-ਦੇਣ ਹੁੰਦਾ ਸੀ।



# ਪੋਲੀਟਿਕਸ



## NISD ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਚਾਲੇ ਅਹਿਮ ਸਮਝੌਤਾ

**ਲੁਧਿਆਣਾ, 1 ਅਗਸਤ**
**-ਜਗਮੇਲ ਸਿੰਘ ਢਿਲੋਂ-**



ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਅਧੀਨ ਨੈਸ਼ਨਲ ਇੰਸਟੀਚਿਊਟ ਆਫ਼ ਸੋਸ਼ਲ ਡਿਫੈਂਸ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਚਾਲੇ ਸਮਾਜਿਕ ਰੱਖਿਆ, ਖੋਜ, ਸਮਰੱਥਾ ਨਿਰਮਾਣ ਅਤੇ ਸਾਂਝੇ ਸਿਖਲਾਈ ਪ੍ਰੋਗਰਾਮਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਅਹਿਮ ਸਮਝੌਤਾ ਤੇ ਹਸਤਾਖਰ ਕੀਤੇ ਗਏ।ਇਸ ਮੌਕੇ ਐਨਆਈਐਸਡੀ ਦੇ ਮੈਂਬਰ ਅਤੇ ਸਮਾਜਿਕ ਨਿਆਂ ਤੇ ਸਸ਼ਕਤੀਕਰਨ ਮੰਤਰਾਲੇ ਦੇ ਵਿਸ਼ੇਸ਼ ਮੈਂਬਰ/ਇਨਵਾਈਟੀ ਸੁਖਵਿੰਦਰ ਸਿੰਘ ਬਿੰਦਰਾ ਨੇ ਕਿਹਾ ਕਿ ਇਹ ਭਾਈਵਾਲੀ ਸਮਾਜਿਕ ਭਲਾਈ ਅਤੇ ਸਬੂਤ-ਅਧਾਰਿਤ ਨੀਤੀਆਂ ਨੂੰ ਮਜ਼ਬੂਤੀ ਦੇਣ ਦੇ ਨਾਲ-ਨਾਲ ਦੇਸ਼ ਦੀ ਸਮਾਜਿਕ ਸੁਰੱਖਿਆ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਏਗੀ।

ਬਿੰਦਰਾ ਨੇ ਕਿਹਾ ਕਿ ਮੰਤਰਾਲਾ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਖੇਡਾਂ ਨਾਲ ਜੋੜਨ ਅਤੇ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਖੇਡ ਕਿੱਟਾਂ ਦੀ ਵੰਡ ਅਤੇ ਹੋਰ ਯੁਵਾ-ਕੇਂਦਰਿਤ ਪਹਿਲਕਦਮੀਆਂ ਰਾਹੀਂ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ ਵੱਲ ਪ੍ਰੇਰਿਤ ਕੀਤਾ ਜਾਵੇਗਾ।

## ਅਕਾਲ ਤਖ਼ਤ ਵੱਲੋਂ ਸਰਕਾਰ ਦਾ ਜਵਾਬ ਰੱਦ ਕੀਤੇ ਜਾਣ ਤੋਂ ਬਾਅਦ ਰੇੜਕਾ ਬਰਕਰਾਰ

**ਅੰਮ੍ਰਿਤਸਰ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਵਿਚਲੀਆਂ ਇਤਰਾਜ਼ਯੋਗ ਮੱਦਾਂ ਨੂੰ ਲੈ ਕੇ ਸਰਕਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਚਾਲੇ ਬਣਿਆ ਅੜਿੱਕਾ ਫ਼ਿਲਹਾਲ ਜਿਵੇਂ ਦਾ ਤਿਵੇਂ ਬਣਿਆ ਹੋਇਆ ਹੈ। ਜੇਕਰ ਸਰਕਾਰ ਇਤਰਾਜ਼ਯੋਗ ਮੱਦਾਂ ਨਹੀਂ ਹਟਾਉਂਦੀ ਤਾਂ ਮਾਮਲਾ ਮੁੜ ਭੱਖ ਸਕਦਾ ਹੈ। ਇਸ ਮਾਮਲੇ ਵਿੱਚ ਸਰਕਾਰ ਵੱਲੋਂ ਭੇਜੇ ਗਏ ਜਵਾਬ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਸੰਤੁਸ਼ਟੀਜਨਕ ਕਰਾਰ ਦਿੰਦਿਆਂ ਰੱਦ ਕੀਤਾ ਜਾ ਚੁੱਕਾ ਹੈ, ਪਰ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਮਾਮਲੇ ਵਿੱਚ ਗੱਲਬਾਤ ਲਈ ਰਾਹ ਖੁੱਲ੍ਹਾ ਰੱਖਿਆ ਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪਹਿਲਾਂ ਹੀ ਇਸ ਮਾਮਲੇ ਵਿੱਚ ਦੋ ਵਾਰ ਇਤਰਾਜ਼ ਭੇਜੇ ਜਾ ਚੁੱਕੇ ਹਨ ਅਤੇ ਇਤਰਾਜ਼ਯੋਗ ਮੱਦਾਂ ਹਟਾਉਣ ਵਾਸਤੇ ਆਖਿਆ ਗਿਆ ਸੀ। ਪਰ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਦੇ ਗ੍ਰਹਿ ਵਿਭਾਗ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜੇ ਗਏ ਪੱਤਰ ਦੇ ਨਾਲ ਨੱਥੀ ਕੀਤੇ ਗਏ ਦਸਤਾਵੇਜ਼ ਵਿੱਚ 15 ਇਤਰਾਜ਼ਾਂ ਬਾਰੇ ਸਿਰਫ਼ ਜਵਾਬ ਹੀ ਭੇਜਿਆ ਗਿਆ ਹੈ। ਇਤਰਾਜ਼ਯੋਗ ਮੱਦਾਂ ਨੂੰ ਹਟਾਉਣ ਬਾਰੇ ਕੁਝ ਵੀ ਸਪਸ਼ਟ ਨਹੀਂ ਕੀਤਾ ਗਿਆ। ਸਰਕਾਰ ਵੱਲੋਂ ਭੇਜੇ ਗਏ ਪੱਤਰ ਅਤੇ ਦਸਤਾਵੇਜ਼ ਦੀਆਂ ਕਾਪੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਨਤਕ ਕੀਤੀਆਂ ਗਈਆਂ ਹਨ। ਇਸ ਦੀ ਪੀ.ਡੀ.ਐਫ. ਕਾਪੀ ਮੀਡੀਆ ਨੂੰ ਵੀ ਦਿੱਤੀ ਗਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਖਿਆ ਕਿ ਸਰਕਾਰ ਵੱਲੋਂ ਭੇਜੇ ਗਏ ਜਵਾਬ ਅਤੇ ਦਸਤਾਵੇਜ਼ ਦੀਆਂ ਕਾਪੀਆਂ ਨੂੰ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਸਬੰਧਤ ਸੋਸ਼ਲ ਮੀਡੀਆ ਮੰਚਾਂ 'ਤੇ ਵੀ ਆਮ ਲੋਕਾਂ ਲਈ ਜਨਤਕ ਕੀਤਾ ਜਾਵੇਗਾ, ਤਾਂ ਜੋ ਸਾਰੀ ਸਿੱਖ ਸੰਗਤ ਇਸ ਬਾਰੇ ਜਾਣ ਸਕੇ। ਇਨ੍ਹਾਂ ਇਤਰਾਜ਼ਾਂ ਵਿੱਚ ਲਫ਼ਜ਼ 'ਬੀੜਾ' ਅਤੇ 'ਬੀੜਾਂ' ਨੂੰ ਬਦਲਣ ਸਬੰਧੀ, 'ਕਸਟੋਡੀਅਨ' ਦੀ ਪਰਿਭਾਸ਼ਾ ਸਬੰਧੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੀੜਾਂ 'ਤੇ ਅੰਕਿਤ ਕੀਤੇ ਜਾਣ ਵਾਲੇ 'ਯੂਨੀਕ ਆਈਡੈਂਟੀਫਿਕੇਸ਼ਨ ਨੰਬਰ' ਬਾਰੇ, ਬੀੜਾਂ ਦਾ ਰਿਕਾਰਡ ਰੱਖਣ ਵਾਲੇ ਕੇਂਦਰੀ ਰਜਿਸਟਰ ਸਬੰਧੀ, ਐਕਟ ਦੇ ਅਧਿਕਾਰ ਖੇਤਰ ਬਾਰੇ, ਸਰੂਪ ਪ੍ਰਾਪਤ ਕਰਨ ਵਾਲੀ ਸੰਗਤ ਦੀ ਜਾਣਕਾਰੀ ਵੈੱਬਸਾਈਟ 'ਤੇ ਪਾਉਣ ਸਬੰਧੀ ਇਤਰਾਜ਼ ਬਾਰੇ, ਕਸਟੋਡੀਅਨ ਦੇ ਫ਼ਰਜ਼ ਅਤੇ ਜ਼ਿੰਮੇਵਾਰੀਆਂ ਸਬੰਧੀ, ਐਕਟ ਵਿੱਚ ਧਾਰਾ 6-ਏ (61) ਨੂੰ ਜੋੜਨ ਸਬੰਧੀ, ਬੇਅਦਬੀ ਸਬੰਧੀ ਸ਼ਿਕਾਇਤ ਹੋਣ 'ਤੇ ਡੇਰੇ/ਸਮੂਹ ਦੇ ਮੁਖੀ ਨੂੰ ਵੀ ਪਰਚੇ ਵਿੱਚ ਨਾਮਜ਼ਦ ਕਰਨ ਬਾਰੇ, ਬੇਅਦਬੀ ਕੇਸਾਂ ਦੀ ਸੁਣਵਾਈ ਲਈ ਵਿਸ਼ੇਸ਼ ਫਾਸਟ ਟਰੈਕ ਅਦਾਲਤਾਂ ਸਥਾਪਿਤ ਕਰਨ ਬਾਰੇ, ਸਟੋਰ, ਸਟੋਰੇਜ ਅਤੇ ਸਪਲਾਈ ਲਫ਼ਜ਼ਾਂ ਦੀ ਥਾਂ ਸਤਿਕਾਰਤ ਲਫ਼ਜ਼ ਸ਼ਾਮਲ ਕਰਨ ਬਾਰੇ, ਬੀੜ, ਸੈਂਚੀ, ਪੋਥੀ ਜਾਂ ਗੁਟਕਾ ਸਾਹਿਬ ਨੂੰ ਪੁਲੀਸ ਥਾਣੇ ਜਾਂ ਅਦਾਲਤ ਵਿੱਚ ਨਾ ਲਿਜਾਣ ਬਾਰੇ, ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ, ਗੁਰੂ ਖ਼ਾਲਸਾ ਪੰਥ ਤੇ ਗੁਰੂ ਦੀ ਸੰਗਤ ਉੱਤੇ ਕੋਈ ਵੀ ਨਿਯਮ ਅਤੇ ਮਰਿਆਦਾ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਹੀ ਤੈਅ ਕਰ ਸਕਦੇ ਹਨ, ਆਦਿ ਬਾਰੇ ਪੇਸ਼ ਕੀਤੇ ਗਏ ਇਤਰਾਜ਼ਾਂ ਦਾ ਜਵਾਬ ਦਿੱਤਾ ਗਿਆ ਹੈ।

## ਸਵਰਨਕਾਰ ਸੰਘ ਮੋਗਾ ਨੇ ਕੀਤਾ ਮੀਰੀ-ਪੀਰੀ ਖਾਲਸਾ ਮਾਰਚ ਦਾ ਭਰਵਾਂ ਸਵਾਗਤ



**ਮੋਗਾ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸਰਬਉੱਚਤਾ, ਪੰਥਕ ਏਕਤਾ ਅਤੇ ਮੀਰੀ-ਪੀਰੀ ਦੇ ਸਿਧਾਂਤਾਂ ਨੂੰ ਦਰਸਾਉਂਦਾ ਸ੍ਰੀ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਰੰਭ ਹੋਇਆ ਮੀਰੀ ਪੀਰੀ ਖਾਲਸਾ ਮਾਰਚ ਜਦੋਂ ਮੋਗਾ ਪੁੱਜਿਆ ਤਾਂ ਸ਼ਹਿਰ ਦੀਆਂ ਸੰਗਤਾਂ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵੱਲੋਂ ਇਸ ਦਾ ਬੇਹੱਦ ਸ਼ਰਧਾ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸਵਰਨਕਾਰ ਸੰਘ ਮੋਗਾ ਦੇ ਪ੍ਰਧਾਨ ਅਜੈ ਕੰਡਾ ਦੀ ਅਗਵਾਈ ਹੇਠ ਸੰਘ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਮਾਰਚ ਦਾ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ। ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਮਾਰਚ ਵਿੱਚ ਸ਼ਾਮਲ ਪੰਜ ਪਿਆਰਿਆਂ ਅਤੇ ਸਮੂਹ ਸੰਗਤਾਂ ਦਾ ਸਤਿਕਾਰ ਕੀਤਾ।

ਸੰਘ ਦੇ ਸਰਪ੍ਰਸਤ ਬਾਬਾ ਕੁਲਦੀਪ ਸਿੰਘ ਸੇਖਾ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਸਾਹਿਬ ਦੀ ਬਖ਼ਸ਼ਿਸ਼ ਪ੍ਰਾਪਤ ਕੀਤੀ। ਇਸ ਮੌਕੇ ਅਜੈ ਕੰਡਾ ਨੇ ਕਿਹਾ ਕਿ ਮੀਰੀ-ਪੀਰੀ ਦਾ ਸਿਧਾਂਤ ਸਿੱਖ ਕੌਮ ਦੀ ਵਿਲੱਖਣ ਪਹਿਚਾਣ ਹੈ ਅਤੇ ਅਜਿਹੇ ਮਾਰਚ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਮਹਾਨ ਇਤਿਹਾਸ, ਸਿੱਖੀ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਮੂਹ ਸਮਾਜ ਨੂੰ ਧਾਰਮਿਕ ਅਤੇ ਸਮਾਜਿਕ ਏਕਤਾ ਲਈ ਅਜਿਹੇ ਉਪਰਾਲਿਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਮਾਰਚ ਦੇ ਸਵਾਗਤ ਦੌਰਾਨ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੇ ਸੰਗਤਾਂ ਵੱਲੋਂ ਠੰਡੇ-ਮਿੱਠੇ ਜਲ ਦੀਆਂ ਛਬੀਲਾਂ, ਲੰਗਰ ਅਤੇ ਪ੍ਰਸ਼ਾਦੇ ਦੀ ਸੇਵਾ ਲਗਾਈ ਗਈ। ਰਸਤੇ ਭਰ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਅਤੇ ਜੈਕਾਰਿਆਂ ਦੀ ਗੂੰਜ ਨਾਲ ਮਾਰਚ ਦਾ ਸਵਾਗਤ ਕੀਤਾ, ਜਿਸ ਨਾਲ ਪੂਰਾ ਮਾਹੌਲ ਗੁਰਮਈ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ। ਮੋਗਾ ਸ਼ਹਿਰ ਵਿੱਚ ਮਾਰਚ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਇਸ ਮੌਕੇ ਮਨੀਸ਼ ਕੰਡਾ, ਵਿਜੈ ਕੰਡਾ, ਕਪਿਲ ਦੇਵ ਕੰਡਾ, ਕੁਨਾਲ, ਰਮਨ ਕੰਡਾ ਸਮੇਤ ਸਵਰਨਕਾਰ ਸੰਘ ਦੇ ਹੋਰ ਅਹੁਦੇਦਾਰ ਅਤੇ ਮੈਂਬਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਉਨ੍ਹਾਂ ਨੇ ਗੁਰੂ ਘਰ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਮਾਰਚ ਵਿੱਚ ਸ਼ਾਮਲ ਸੰਗਤਾਂ ਦੀ ਸੇਵਾ ਕੀਤੀ ਅਤੇ ਗੁਰੂ ਸਾਹਿਬ ਅੱਗੇ ਸਮਾਜ ਦੀ ਚੜ੍ਹਦੀ ਕਲਾ, ਆਪਸੀ ਭਾਈਚਾਰੇ ਅਤੇ ਪੰਥ ਦੀ ਤਰੱਕੀ ਲਈ ਅਰਦਾਸ ਕੀਤੀ।

## ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ ਮੌਕੇ ਨੌਜਵਾਨਾਂ ਨੂੰ ਸ਼ਹੀਦਾਂ ਦੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ

**ਸਨੌਰ,1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹੀਦ ਊਧਮ ਸਿੰਘ ਨੌਜਵਾਨ ਸਭਾ, ਸਨੌਰ ਵੱਲੋਂ ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਸ਼ਹੀਦੀ ਸਮਾਗਮ ਗੁਰਦੁਆਰਾ ਸਾਹਿਬ ਭੁੰਨਰਹੇੜੀ ਵਿਖੇ ਕਰਵਾਇਆ ਗਿਆ। ਇਸ ਮੌਕੇ ਜਲ੍ਹਿਆਂਵਾਲਾ ਬਾਗ ਵਿਖੇ ਸਥਾਪਿਤ ਸ਼ਹੀਦ ਊਧਮ ਸਿੰਘ ਦੇ ਸਮਾਰਕ ਨੂੰ ਤਿਆਰ ਕਰਨ ਵਾਲੀ ਸੰਸਥਾ ਅੰਤਰਰਾਸ਼ਟਰੀ ਸਰਬ ਕੰਬੋਜ ਮਹਾਸਭਾ ਦੇ ਪ੍ਰਧਾਨ ਸ੍ਰੀ ਦੌਲਤ ਰਾਮ ਨੂੰ ਵੀ ਉਨ੍ਹਾਂ ਦੀਆਂ ਵਿਸ਼ੇਸ਼ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਭਾ ਵੱਲੋਂ ਸਾਬਕਾ ਸੰਸਦ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੂੰ ਵੀ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਸਭਾ ਨੇ ਦੱਸਿਆ ਕਿ ਜਲ੍ਹਿਆਂਵਾਲਾ ਬਾਗ ਦੇ ਸ਼ਤਾਬਦੀ ਸਮਾਗਮ ਮੌਕੇ ਲੋਕ ਸਭਾ ਵਿੱਚ ਪ੍ਰੋ. ਚੰਦੂਮਾਜਰਾ ਨੇ ਜ਼ੋਰਦਾਰ ਢੰਗ ਨਾਲ ਜਲ੍ਹਿਆਂਵਾਲਾ ਬਾਗ ਦੇ ਮੁੱਖ ਦਰਵਾਜ਼ੇ 'ਤੇ ਸ਼ਹੀਦ ਊਧਮ ਸਿੰਘ ਦਾ ਸਮਾਰਕ ਸਥਾਪਿਤ ਕਰਨ ਦੀ ਮੰਗ ਉਠਾਈ ਸੀ ਅਤੇ ਆਪਣੇ ਯਤਨਾਂ ਸਦਕਾ ਉਸ ਮੰਗ ਨੂੰ ਅਮਲੀ ਰੂਪ ਦਿਵਾਇਆ। ਇਸ ਸਮੇਂ ਸਨਮਾਨ ਸਵੀਕਾਰ ਕਰਦਿਆਂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਸ਼ਹੀਦ ਊਧਮ ਸਿੰਘ ਨੌਜਵਾਨ ਸਭਾ ਸਨੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦੇਸ਼ ਦੇ ਨੌਜਵਾਨਾਂ ਨੂੰ ਗਰੀਬੀ, ਬੇਰੁਜ਼ਗਾਰੀ, ਸਮਾਜਿਕ ਬੁਰਾਈਆਂ ਅਤੇ ਖ਼ਾਸ ਕਰਕੇ ਨਸ਼ਿਆਂ ਖ਼ਿਲਾਫ਼ ਸੰਘਰਸ਼ ਕਰਦੇ ਹੋਏ ਹੱਕ ਅਤੇ ਸੱਚ ਦੀ ਲੜਾਈ ਲੜਨ ਦੀ ਪ੍ਰੇਰਨਾ ਲੈਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਦਾ ਬਦਲਾ ਲੰਡਨ ਦੀ ਧਰਤੀ 'ਤੇ ਜਾ ਕੇ ਨਾ ਲਿਆ ਹੁੰਦਾ ਤਾਂ ਭਾਰਤ ਨੂੰ ਆਜ਼ਾਦੀ ਪ੍ਰਾਪਤ ਕਰਨ ਲਈ ਹੋਰ ਲੰਮਾ ਸਮਾਂ ਗ਼ੁਲਾਮੀ ਸਹਿਣੀ ਪੈਂਦੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਵਿੱਚ ਸ਼ਹੀਦ ਊਧਮ ਸਿੰਘ ਦੇ ਅਮੁੱਲੇ ਯੋਗਦਾਨ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ, ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ, ਕਰਤਾਰ ਸਿੰਘ ਸਰਾਭਾ, ਮਦਨ ਲਾਲ ਢੀਂਗਰਾ ਅਤੇ ਹੋਰ ਮਹਾਨ ਕ੍ਰਾਂਤੀਕਾਰੀਆਂ ਨੂੰ ਅੱਜ ਤੱਕ ਸਰਕਾਰੀ ਤੌਰ 'ਤੇ ਸ਼ਹੀਦਾਂ ਦੀ ਸੂਚੀ ਵਿੱਚ ਯੋਗ ਸਥਾਨ ਨਹੀਂ ਮਿਲਿਆ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਇਨ੍ਹਾਂ ਮਹਾਨ ਦੇਸ਼ ਭਗਤਾਂ ਨੂੰ ਸਰਕਾਰੀ ਤੌਰ 'ਤੇ ਸ਼ਹੀਦਾਂ ਦੀ ਸੂਚੀ ਵਿੱਚ ਸ਼ਾਮਲ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ। ਉਨ੍ਹਾਂ ਸ਼ਹੀਦ ਊਧਮ ਸਿੰਘ ਦੇ ਪਰਿਵਾਰਕ ਮੈਂਬਰਾਂ ਦਾ ਸਵਾਗਤ ਕਰਦਿਆਂ ਹਲਕਾ ਸਨੌਰ ਦੇ ਲੋਕਾਂ ਅਤੇ ਨੌਜਵਾਨ ਸਭਾ ਦਾ ਧੰਨਵਾਦ ਕੀਤਾ। ਨਾਲ ਹੀ ਅੰਤਰਰਾਸ਼ਟਰੀ ਸਰਬ ਕੰਬੋਜ ਮਹਾ ਸਭਾ ਦੇ ਪ੍ਰਧਾਨ ਸ੍ਰੀ ਦੌਲਤ ਰਾਮ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ਹੀਦ ਊਧਮ ਸਿੰਘ ਦੇ ਸਮਾਰਕ ਸਥਾਪਿਤ ਕਰਨ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ।

## ਲੱਖਾਂ ਸ਼ਰਧਾਲੂਆਂ ਦੀ ਆਸਥਾ ਨਾਲ ਕਰਤਾਰਪੁਰ ਸਾਹਿਬ ਲਾਂਘਾ: ਰੰਧਾਵਾ

**ਅੰਮ੍ਰਿਤਸਰ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕੇਂਦਰ ਸਰਕਾਰ ਨੂੰ ਕਰਤਾਰਪੁਰ ਸਾਹਿਬ ਲਾਂਘਾ ਦੁਬਾਰਾ ਖੋਲ੍ਹਣ ਦੀ ਅਪੀਲ ਕੀਤੀ ਹੈ।

ਸੁਰੱਖਿਆ ਚਿੰਤਾਵਾਂ ਦੇ ਮੁੱਦੇ 'ਤੇ ਜਵਾਬ ਦਿੰਦਿਆਂ ਰੰਧਾਵਾ ਨੇ ਕਿਹਾ ਕਿ ਕੇਂਦਰ ਨੂੰ ਆਪਣੇ ਫ਼ੈਸਲੇ 'ਤੇ ਮੁੜ ਵਿਚਾਰ ਕਰਨਾ ਚਾਹੀਦਾ ਹੈ, ਕਿਉਂਕਿ ਇਹ ਲਾਂਘਾ ਸਿਰਫ਼ ਇੱਕ ਸਰਹੱਦੀ ਲਾਂਘਾ ਨਹੀਂ ਹੈ ਬਲਕਿ ਵਿਸ਼ਵਾਸ, ਇਤਿਹਾਸ ਅਤੇ ਲੱਖਾਂ ਸਿੱਖ ਸ਼ਰਧਾਲੂਆਂ ਦੇ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਅਧਿਆਤਮਿਕ ਸੰਬੰਧ ਦਾ ਪ੍ਰਤੀਕ ਹੈ।



ਉਨ੍ਹਾਂ ਨੇ ਕਿਹਾ ਕਿ ਕਰਤਾਰਪੁਰ ਸਾਹਿਬ ਲਾਂਘਾ 7 ਮਈ, 2025 ਤੋਂ ਸੁਰੱਖਿਆ ਕਾਰਨਾਂ ਕਰਕੇ ਬੰਦ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਆਪਣੇ ਫ਼ੈਸਲੇ ਦੀ ਸਮੀਖਿਆ ਕਰੇ ਅਤੇ ਜਲਦੀ ਤੋਂ ਜਲਦੀ ਲਾਂਘੇ ਨੂੰ ਮੁੜ ਖੋਲ੍ਹਣ ਲਈ ਜ਼ਰੂਰੀ ਕਦਮ ਚੁੱਕੇ ਤਾਂ ਜੋ ਸ਼ਰਧਾਲੂ ਇੱਕ ਵਾਰ ਫਿਰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਬਿਨਾਂ ਕਿਸੇ ਰੁਕਾਵਟ ਦੇ ਦਰਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਜਦੋਂ ਵੀ ਲਾਂਘਾ ਬੰਦ ਰਹਿੰਦਾ ਹੈ, ਤਾਂ ਹਜ਼ਾਰਾਂ ਸ਼ਰਧਾਲੂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਜੁੜੀ ਪਵਿੱਤਰ ਧਰਤੀ 'ਤੇ ਮੱਥਾ ਟੇਕਣ ਅਤੇ ਅਸੀਸਾਂ ਪ੍ਰਾਪਤ ਕਰਨ ਦੇ ਮੌਕੇ ਤੋਂ ਵਾਂਝੇ ਰਹਿ ਜਾਂਦੇ ਹਨ। ਸੁਖਜਿੰਦਰ ਰੰਧਾਵਾ ਨੇ ਕਿਹਾ ਕਿ ਇਹ ਸਿਰਫ਼ ਯਾਤਰਾ ਦਾ ਮੁੱਦਾ ਨਹੀਂ ਹੈ, ਸਗੋਂ ਲੱਖਾਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਆਸਥਾ ਨਾਲ ਜੁੜਿਆ ਹੋਇਆ ਮੁੱਦਾ ਹੈ।

ਉਨ੍ਹਾਂ ਕਿਹਾ ਕਿ ਧਾਰਮਿਕ ਆਸਥਾ ਨੂੰ ਕਿਸੇ ਵੀ ਹਾਲਤ ਵਿੱਚ ਰਾਜਨੀਤਿਕ ਨਜ਼ਰੀਏ ਤੋਂ ਨਹੀਂ ਦੇਖਿਆ ਜਾਣਾ ਚਾਹੀਦਾ ਅਤੇ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕਾਂ ਦੀ ਧਾਰਮਿਕ ਆਜ਼ਾਦੀ ਤੇ ਵਿਸ਼ਵਾਸਾਂ ਦਾ ਸਤਿਕਾਰ ਕਰਨ।

ਉਨ੍ਹਾਂ ਉਮੀਦ ਪ੍ਰਗਟ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਸਮਝੇਗੀ ਅਤੇ ਕਰਤਾਰਪੁਰ ਸਾਹਿਬ ਲਾਂਘੇ ਨੂੰ ਜਲਦੀ ਤੋਂ ਜਲਦੀ ਮੁੜ ਖੋਲ੍ਹਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇਗੀ।

## ਜ਼ਿਲ੍ਹੇ ਚ ਪੋਲਿੰਗ ਬੂਥਾਂ ਦੀ ਗਿਣਤੀ ਵਧ ਕੇ ਹੋਈ 1204 : ਜ਼ਿਲ੍ਹਾ ਚੋਣ ਅਫ਼ਸਰ



**ਬਠਿੰਡਾ, 1 ਅਗਸਤ**
**-ਗੁਰਤੇਜ ਅਤਲਾ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿਖੇ ਪੋਲਿੰਗ ਬੂਥਾਂ ਦੇ ਰੈਸ਼ਨਲਾਈਜ਼ੇਸ਼ਨ (ਤਰਕ ਸੰਗਤ) ਕਰਨ ਉਪਰੰਤ ਹੁਣ ਪੋਲਿੰਗ ਬੂਥਾਂ ਦੀ ਗਿਣਤੀ 1192 ਤੋਂ ਵੱਧ ਕੇ 1204 ਹੋ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਹੁਕਮਾਂ ਅਨੁਸਾਰ ਜਿਸ ਵੀ ਪੋਲਿੰਗ ਬੂਥ 'ਤੇ 1200 ਜਾਂ ਇਸ ਤੋਂ ਵੱਧ ਵੋਟਰ ਹਨ, ਉਸ ਨੂੰ ਵੰਡ ਕੇ ਨਵਾਂ ਪੋਲਿੰਗ ਬੂਥ ਬਣਾਏ ਜਾਣ ਬਾਰੇ ਭੇਜੀ ਗਈ ਤਜਵੀਜ਼ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਪਾਸ ਕਰ ਕਰਦਿਆਂ ਪੋਲਿੰਗ ਬੂਥਾਂ ਦੀ ਗਿਣਤੀ 1192 ਤੋਂ ਵਧ ਕੇ 1204 ਕਰ ਦਿੱਤੀ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਅਧੀਨ ਪੈਂਦੇ 6 ਵਿਧਾਨ ਸਭਾ ਚੋਣ ਹਲਕਿਆਂ ਵਿੱਚ ਹੁਣ ਭਾਰਤ ਚੋਣ ਕਮਿਸ਼ਨ ਵੱਲੋਂ ਪਾਸ ਕੀਤੀ ਗਈ ਤਜਵੀਜ਼ ਅਨੁਸਾਰ 90-ਰਾਮਪੁਰਾ ਫੂਲ ਵਿੱਚ 200 ਪੋਲਿੰਗ ਸਟੇਸ਼ਨ, 91-ਭੁੱਚੋ ਮੰਡੀ ਵਿੱਚ 208 ਪੋਲਿੰਗ ਸਟੇਸ਼ਨ, 92-ਬਠਿੰਡਾ (ਸ਼ਹਿਰੀ) ਵਿੱਚ 249 ਪੋਲਿੰਗ ਸਟੇਸ਼ਨ, 93-ਬਠਿੰਡਾ (ਦਿਹਾਤੀ) ਵਿੱਚ 168 ਪੋਲਿੰਗ ਸਟੇਸ਼ਨ, 94-ਤਲਵੰਡੀ ਸਾਬੋ ਵਿੱਚ 181 ਪੋਲਿੰਗ ਸਟੇਸ਼ਨ ਅਤੇ 95-ਮੌੜ ਵਿੱਚ 198 ਪੋਲਿੰਗ ਬੂਥ ਹੋ ਗਏ ਹਨ।

## ਪਟਿਆਲਾ ਵਿਖੇ ਕਾਂਗਰਸ ਦੇ ਪ੍ਰੋਗਰਾਮ 'ਚ ਲੱਗੇ ਚੰਨੀ ਦੇ ਨਾਂਅ ਦੇ ਨਾਅਰੇ



**ਪਟਿਆਲਾ, 1 ਅਗਸਤ**
**-ਬਲਜੀਤ ਸਰਨਾ-**

ਪੰਜਾਬ ਕਾਂਗਰਸ ਵਲੋਂ ਚਲਾਈ ਜਾ ਰਹੀ 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ ਸ਼ਨੀਵਾਰ ਨੂੰ ਪਟਿਆਲਾ ਦੇ ਅਜ਼ੂਬਾ ਰੈਜ਼ੀਡੈਂਸੀ ਵਿਖੇ ਵਰਕਰਾਂ ਦੀ ਇਕ ਅਹਿਮ ਮੀਟਿੰਗ ਕਰਵਾਈ ਗਈ। ਇਸ ਵਿਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਕਾਂਗਰਸ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿਚ ਰੱਖਦਿਆਂ ਹਰ ਬੂਥ 'ਤੇ ਸੰਗਠਨ ਨੂੰ ਮਜ਼ਬੂਤ ਕੀਤਾ ਜਾਵੇਗਾ ਅਤੇ ਵਰਕਰਾਂ ਨੂੰ ਪਹਿਲਾਂ ਤੋਂ ਹੀ ਸਰਗਰਮ ਕੀਤਾ ਜਾਵੇਗਾ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਿਚ ਨਾਕਾਮ ਰਹੀ ਹੈ।

ਉੱਥੇ ਹੀ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਨੇ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਹਰ ਆਗੂ ਅਤੇ ਵਰਕਰ ਨੂੰ ਆਪਸੀ ਖਿੱਚੋਤਾਣ ਤੋਂ ਉੱਪਰ ਉੱਠ ਕੇ ਇਕਜੁੱਟ ਹੋ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਨਿਰਾਸ਼ ਹਨ, ਜਦਕਿ ਅਕਾਲੀ ਦਲ ਅਤੇ ਭਾਜਪਾ ਦੀ ਛਵੀ ਵੀ ਲੋਕਾਂ ਵਿਚ ਪ੍ਰਭਾਵਸ਼ਾਲੀ ਨਹੀਂ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਕ ਵਾਰ ਫਿਰ ਕਾਂਗਰਸ ਨੂੰ ਸੱਤਾ ਵਿਚ ਦੇਖਣਾ ਚਾਹੁੰਦੇ ਹਨ ਤਾਂ ਜੋ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲ ਸਕੇ।

ਇਸ ਪ੍ਰੋਗਰਾਮ ਦੌਰਾਨ ਚੰਨੀ ਦੇ ਸਮਰਥਕਾ ਨੇ ਮੌਕੇ 'ਤੇ ਖੜੇ ਹੋ ਕੇ ਚੰਨੀ ਲਿਆਓ ਪੰਜਾਬ ਬਚਾਓ ਦੇ ਨਾਅਰੇ ਲਾਣੇ ਸ਼ੁਰੂ ਕਰ ਦਿੱਤੇ ਜਿਸ ਤੋਂ ਬਾਅਦ ਇਸ ਪ੍ਰੋਗਰਾਮ ਵਿਚ ਹੰਗਾਮਾ ਮੱਚ ਗਿਆ ਅਤੇ ਰਾਜਾ ਵੜਿੰਗ ਨੇ ਵਾਰ-ਵਾਰ ਸਮਰਥਕਾਂ ਨੂੰ ਚੁੱਪ ਰਹਿਣ ਦੀ ਅਪੀਲ ਕੀਤੀ।

## ਵਿਧਾਇਕ ਜਿੰਪਾ ਨੇ 8 ਆਂਗਣਵਾੜੀ ਵਰਕਰਾਂ ਤੇ 38 ਹੈਲਪਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਹੁਸ਼ਿਆਰਪੁਰ, 6 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸ਼ੁੱਕਰਵਾਰ ਨੂੰ 8 ਆਂਗਣਵਾੜੀ ਵਰਕਰਾਂ ਅਤੇ 38 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਉਨ੍ਹਾਂ ਸਾਰੇ ਚੁਣੇ ਗਏ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਮਾਜ ਦੇ ਕਮਜ਼ੋਰ ਅਤੇ ਲੋੜਵੰਦ ਵਰਗਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਵਿੱਚ ਆਂਗਣਵਾੜੀ ਕਰਮਚਾਰੀਆਂ ਦੀ ਬਹੁਤ ਮਹੱਤਵਪੂਰਨ ਭੂਮਿਕਾ ਹੈ।

ਵਿਧਾਇਕ ਜਿੰਪਾ ਨੇ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਦਾ ਕੰਮ ਬੇਹੱਦ ਮਹੱਤਵਪੂਰਨ ਹੈ ਅਤੇ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਵੱਖ-ਵੱਖ ਵਿਭਾਗਾਂ ਵਿੱਚ ਲੰਬੇ ਸਮੇਂ ਤੋਂ ਖਾਲੀ ਪਈਆਂ ਅਸਾਮੀਆਂ ਨੂੰ ਪਾਰਦਰਸ਼ੀ ਢੰਗ ਨਾਲ ਭਰ ਕੇ ਸਰਕਾਰੀ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਅਤੇ ਸਰਕਾਰੀ ਤੰਤਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਤਹਿਤ ਲੰਬੇ ਸਮੇਂ ਤੋਂ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੀ ਪ੍ਰਕਿਰਿਆ ਪੂਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਵਿਕਾਸ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਸਮਾਜ ਦੇ ਆਖ਼ਰੀ ਵਿਅਕਤੀ ਤੱਕ ਪਹੁੰਚਾਉਣਾ ਹੈ। ਇਸ ਲਈ ਸਾਰੇ ਵਿਭਾਗਾਂ ਨੂੰ ਸਰਗਰਮੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਆਮ ਲੋਕਾਂ ਨੂੰ ਸਮੇਂ ਸਿਰ ਅਤੇ ਬਿਹਤਰ ਸੇਵਾਵਾਂ ਮਿਲ ਸਕਣ। ਉਨ੍ਹਾਂ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਪੂਰੀ ਨਿਸ਼ਠਾ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਸੱਦਾ ਦਿੱਤਾ।

ਇਸ ਮੌਕੇ ਹੁਸ਼ਿਆਰਪੁਰ ਸਹਿਕਾਰੀ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਕੌਂਸਲਰ ਸੁਰਿੰਦਰ ਕੁਮਾਰ, ਪ੍ਰਵੀਨ ਸੈਣੀ, ਸੀਡੀਪੀਓ ਰਵਿੰਦਰ ਕੌਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

## ਸਵੀਪ ਗਤੀਵਿਧੀਆਂ ਤਹਿਤ ਵੋਟਰ ਜਾਗਰੂਕਤਾ ਪ੍ਰੋਗਰਾਮ ਆਯੋਜਿਤ



**ਬਠਿੰਡਾ, 1 ਅਗਸਤ**
**-ਗੁਰਤੇਜ ਅਤਲਾ-**

ਭਾਰਤ ਚੋਣ ਕਮਿਸ਼ਨ ਦੇ ਆਦੇਸ਼ਾਂ, ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਜ਼ਿਲਾ ਨੋਡਲ ਅਫ਼ਸਰ ਸਵੀਪ-ਕਮ-ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਕੰਚਨ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬੀੜ ਤਲਾਬ ਬਸਤੀ 4-5 ਬਠਿੰਡਾ ਵਿਖੇ ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।

ਇਸ ਮੌਕੇ ਸ.ਚਮਕੌਰ ਸਿੰਘ ਸਿੱਧੂ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ(ਸ.ਸ)-ਕਮ-ਸਹਾਇਕ ਨੋਡਲ ਅਫ਼ਸਰ ਸਵੀਪ ਗਤੀਵਿਧੀਆ ਜਿਲਾ ਬਠਿੰਡਾ ਦੀ ਰਹਿਨੁਮਾਈ ਹੇਠ ਸਵੀਪ ਟੀਮ ਵੱਲੋਂ ਇਸ ਦੌਰਾਨ ਜਮਾਤ ਗਿਆਰਵੀਂ ਅਤੇ ਬਾਰਵੀਂ ਦੇ ਵਿਦਿਆਰਥੀਆਂ ਨੂੰ ਟੀਮ ਮੈਂਬਰ ਸੁਭਾਸ਼ ਚੰਦ ਵੱਲੋਂ ਲੋਕਤੰਤਰ ਵਿੱਚ ਵੋਟ ਦੇ ਅਧਿਕਾਰ ਅਤੇ ਇਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਨਾਲ ਹੀ ਸਪੈਸ਼ਲ ਇੰਟੈਂਸ਼ਿਵ ਡਿਵੀਜ਼ਨ ਸਬੰਧੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਪਰਿਵਾਰ ਅਤੇ ਆਸ-ਪਾਸ ਦੇ ਯੋਗ ਵੋਟਰਾਂ ਨੂੰ 3 ਅਗਸਤ ਤੋਂ ਪਹਿਲਾਂ 5.6. ਫਾਰਮ ਜਮ੍ਹਾਂ ਕਰਵਾਉਣ ਲਈ ਪ੍ਰੇਰਿਤ ਕਰਨ।

ਵਿਦਿਆਰਥੀਆਂ ਵਿੱਚ ਲੋਕਤੰਤਰ ਪ੍ਰਤੀ ਜਾਗਰੂਕਤਾ ਵਧਾਉਣ ਲਈ ÷ਲੋਕਤੰਤਰ ਵਿੱਚ ਵੋਟ ਦੀ ਮਹੱਤਤਾ÷ ਵਿਸ਼ੇ 'ਤੇ ਭਾਸ਼ਣ ਮੁਕਾਬਲੇ ਕਰਵਾਏ ਗਏ, ਵਿਦਿਆਰਥੀਆਂ ਨੂੰ 539©5" ਐਪ ਦੀ ਵਰਤੋਂ ਅਤੇ ਇਸ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਸਕੂਲ ਮੁਖੀ ਸ. ਜਗਮੇਲ ਸਿੰਘ ਅਤੇ ਸਟਾਫ ਮੈਂਬਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ।

ਪ੍ਰੋਗਰਾਮ ਦੇ ਅੰਤ ਵਿੱਚ ਸਵੀਪ ਟੀਮ ਵੱਲੋਂ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ।


SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਪੰਜਾਬ ਪੁਲਿਸ ਵੱਲੋਂ ਨਕਲ ਕਰਵਾਉਣ ਵਾਲੇ ਹਰਿਆਣਾ ਅਧਾਰਤ ਗਿਰੋਹ ਦਾ ਪਰਦਾਫਾਸ਼, ਅਸੀਂ ਕਿਸੇ ਨੂੰ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਬਦਨਾਮ ਨਹੀਂ ਕਰਨ ਦੇਵਾਂਗੇ: ਹਰਜੋਤ ਸਿੰਘ ਬੈਂਸ

➢ ਹਰਿਆਣਾ ਦਾ ਭਿਵਾਨੀ ਬਣ ਗਿਆ ਹੈ ਨਕਲ ਦਾ ਗੜ੍ਹ; ਹਰਿਆਣਾ ਦੇ ਪਾਲੇ ਪੇਪਰ ਲੀਕ ਮਾਫੀਆ ਨੇ ਹਜ਼ਾਰਾਂ ਨੌਜਵਾਨਾਂ ਦੇ ਸੁਪਨਿਆਂ ਦਾ ਕਤਲ ਕੀਤਾ ➢ ਪੰਜਾਬ ਪੁਲਿਸ ਵੱਲੋਂ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫ਼ਰੀਦਕੋਟ ਦੇ ਫਾਰਮੇਸੀ ਨਕਲ ਮਾਮਲੇ ਨੂੰ ਸੁਲਝਾਇਆ, ਭਿਵਾਨੀ ਦਾ ਰਹਿਣ ਵਾਲਾ ਨਿਕਲਿਆ ਮਾਸਟਰਮਾਈਂਡ

**ਚੰਡੀਗੜ੍ਹ 1 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਭਿਵਾਨੀ ਦੇ ਇੱਕ ਮਾਸਟਰਮਾਈਂਡ ਦੀ ਅਗਵਾਈ ਵਾਲੇ ਹਰਿਆਣਾ ਸਥਿਤ ਅੰਤਰਰਾਜੀ ਨਕਲ ਸਿੰਡੀਕੇਟ ਦਾ ਪਰਦਾਫਾਸ਼ ਕੀਤਾ ਹੈ ਜਿਸਨੇ ਕਥਿਤ ਤੌਰ 'ਤੇ ਬੀ.ਐਫ.ਯੂ.ਐਚ.ਐਸ. ਫਰੀਦਕੋਟ ਫਾਰਮੇਸੀ ਭਰਤੀ ਪ੍ਰੀਖਿਆ ਵਿੱਚ ਅਤਿ-ਆਧੁਨਿਕ ਤਕਨਾਲੋਜੀ ਦੀ ਵਰਤੋਂ ਨਕਲ ਕਰਵਾਈ ਸੀ। ਇਸ ਨਾਲ ਹਰਿਆਣਾ ਦੇ ਸੰਗਠਿਤ ਨਕਲ ਨੈੱਟਵਰਕ ਦਾ ਪਰਦਾਫਾਸ਼ ਕੀਤਾ ਗਿਆ ਹੈ ਅਤੇ ਪੰਜਾਬ 'ਤੇ ਲੱਗੇ ਪੇਪਰ ਲੀਕ ਦੇ ਦੋਸ਼ਾਂ ਨੂੰ ਨਕਾਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਨੇ ਇਸ ਰੈਕੇਟ ਨੂੰ ਸਾਲਾਂ ਤੋਂ ਵਧਣ-ਫੁੱਲਣ ਦਿੱਤਾ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਕਿਸੇ ਨੂੰ ਵੀ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਬਦਨਾਮ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਸੂਬਾ ਸਰਕਾਰ ਨੇ ਉੱਡਦਾ ਪੰਜਾਬ ਨੂੰ ਪੜ੍ਹਦਾ ਪੰਜਾਬ ਵਿੱਚ ਬਦਲ ਦਿੱਤਾ ਹੈ।

ਅੱਜ ਇੱਥੇ ਪੇਡਾ ਕੰਪਲੈਕਸ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਪਾਰਦਰਸ਼ਤਾ ਅਤੇ ਯੋਗਤਾ 'ਤੇ ਅਧਾਰਤ ਹੈ, ਜਦੋਂ ਕਿ ਹਰਿਆਣਾ ਸਾਲਾਂ ਤੋਂ ਉੱਥੇ ਚੱਲ ਰਹੇ ਰੈਕੇਟ ਦੇ ਬਾਵਜੂਦ ਪ੍ਰੀਖਿਆ ਵਿੱਚ ਨਕਲ ਨੂੰ ਰੋਕਣ ਵਿੱਚ ਅਸਫਲ ਰਿਹਾ ਹੈ। ਉਨ੍ਹਾਂ ਕਿਹਾ, ਹਰਿਆਣਾ ਦੇ ਮੁੱਖ ਮੰਤਰੀ ਦੂਜੇ ਸੂਬਿਆਂ ਵਿੱਚ ਰਾਜਨੀਤਿਕ ਏਜੰਡੇ ਤੈਅ ਕਰਨ ਵਿੱਚ ਰੁੱਝੇ ਹੋਏ ਹਨ, ਪਰ ਉਨ੍ਹਾਂ ਕੋਲ ਆਪਣੇ ਸੂਬੇ ਦੇ ਵਿਦਿਆਰਥੀਆਂ ਦੇ ਭਵਿੱਖ ਦੀ ਰਾਖੀ ਲਈ ਸਮਾਂ ਨਹੀਂ ਹੈ।

ਸ. ਬੈਂਸ ਨੇ ਕਿਹਾ, ਹਰਿਆਣਾ ਪੁਲਿਸ ਨਕਲ ਸਿੰਡੀਕੇਟ ਵਿਰੁੱਧ ਕਾਰਵਾਈ ਕਰਨ ਵਿੱਚ ਅਸਫਲ ਰਹੀ ਹੈ। ਇਹ ਪੰਜਾਬ ਪੁਲਿਸ ਸੀ ਜਿਸਨੇ ਬੀ.ਐਫ.ਯੂ.ਐਚ.ਐਸ. ਫਰੀਦਕੋਟ ਫਾਰਮੇਸੀ ਨਕਲ ਮਾਮਲੇ ਨੂੰ ਸੁਲਝਾਇਆ, ਜਿਸ ਦੀਆਂ ਤਾਰਾਂ ਭਿਵਾਨੀ ਦੇ ਮਾਸਟਰਮਾਈਂਡ ਨਾਲ ਜੁੜੀਆਂ ਹੋਈਆਂ ਸਨ। ਫਿਰ ਵੀ ਸਾਨੂੰ ਬਦਨਾਮ ਕੀਤਾ ਜਾ ਰਿਹਾ ਹੈ।

ਸ. ਹਰਜੋਤ ਸਿੰਘ ਬੈਂਸ ਨੇ ਦੋਸ਼ ਲਗਾਉਂਦਿਆਂ ਕਿਹਾ, ਹਰਿਆਣਾ ਵਿੱਚ ਭਿਵਾਨੀ ਸਿਰਫ਼ ਇੱਕ ਸ਼ਹਿਰ ਨਹੀਂ ਹੈ, ਇਹ ਨਕਲ ਦਾ ਗੜ੍ਹ ਹੈ। ਉਨ੍ਹਾਂ ਨੇ ਹਰਿਆਣਾ ਦੇ ਉਨ੍ਹਾਂ ਹਜ਼ਾਰਾਂ ਨੌਜਵਾਨਾਂ ਦੇ ਸੁਪਨਿਆਂ ਨੂੰ ਤਬਾਹ ਕਰ ਦਿੱਤਾ ਜੋ ਨੌਕਰੀਆਂ, ਦਾਖਲੇ ਅਤੇ ਪਲੇਸਮੈਂਟ ਪ੍ਰਾਪਤ ਕਰ ਸਕਦੇ ਸਨ। ਆਪਣੇ ਬੱਚਿਆਂ ਨੂੰ ਤਬਾਹ ਕਰਨ ਤੋਂ ਬਾਅਦ, ਉਹ ਆਪਣਾ ਕਾਰੋਬਾਰ ਵਧਾਉਣ ਲਈ ਪੰਜਾਬ ਆਏ। ਇਹ ਸੈਣੀ ਸਰਕਾਰ ਦਾ ਮਾਡਲ ਹੈ; ਆਪਣੇ ਆਪ ਨੂੰ ਤਬਾਹ ਕਰੋ, ਫਿਰ ਦੂਜਿਆਂ ਨੂੰ ਤਬਾਹ ਕਰੋ।

ਸਿੱਖਿਆ ਮੰਤਰੀ ਨੇ ਕਿਹਾ ਕਿ ਇਹ ਰੈਕੇਟ ਹਰਿਆਣਾ ਤੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਫਾਰਮ ਭਰ ਕੇ ਅਤੇ ਨਕਲ ਕਰਵਾਉਣ ਲਈ ਆਧੁਨਿਕ ਉਪਕਰਨਾਂ ਦੀ ਵਰਤੋਂ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਮੁਲਜ਼ਮ ਨੈੱਟਵਰਕ ਚਲਾਉਣ ਲਈ ਮਾਈਕ੍ਰੋ-ਚਿੱਪ ਡਿਵਾਈਸਾਂ ਵਿੱਚ ਬਦਲੇ ਕੇਚੌਂਡਾ (ਕੇ33) ਫੋਨਾਂ, ਲੁਕਾਏ ਗਏ ਸੰਚਾਰ ਉਪਕਰਣਾਂ ਅਤੇ ਹੋਰ ਉੱਨਤ ਯੰਤਰਾਂ ਦੀ ਵਰਤੋਂ ਕਰਦੇ ਸਨ। ਉਨ੍ਹਾਂ ਕਿਹਾ, ਮਾਸਟਰਮਾਈਂਡ ਹਰਿਆਣਾ ਦੇ ਭਿਵਾਨੀ ਦਾ ਰਹਿਣ ਵਾਲਾ ਹੈ। ਇਹ ਹੈਂਡਲਰ ਸਾਲਾਂ ਤੋਂ ਹਰਿਆਣਾ ਵਿੱਚ ਅਜਿਹੀਆਂ ਗਤੀਵਿਧੀਆਂ ਨੂੰ ਅੰਜਾਮ ਦਿੰਦੇ ਸਨ। ਜਦੋਂ ਉਨ੍ਹਾਂ ਦੇ ਆਪਣੇ ਸੂਬਾ ਨੇ ਕੋਈ ਕਾਰਵਾਈ ਨਾ ਕੀਤੀ ਤਾਂ ਉਹ ਆਪਣੇ ਕਾਰੋਬਾਰ ਨੂੰ ਵਧਾਉਣ ਲਈ ਪੰਜਾਬ ਵੱਲ ਆਏ।

ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦੀ ਪ੍ਰਗਤੀ ਨੂੰ ਉਜਾਗਰ ਕਰਦਿਆਂ, ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬੇ ਦੀ ਕਾਰਗੁਜ਼ਾਰੀ ਲਗਾਤਾਰ ਕਈ ਜਾਣੇ-ਪਛਾਣੇ ਸਿੱਖਿਆ ਕੇਂਦਰਾਂ ਨੂੰ ਪਛਾੜਦੀ ਰਹੀ ਹੈ। ਉਨ੍ਹਾਂ ਕਿਹਾ, ਹਰਿਆਣਾ ਦਾਅਵਾ ਕਰਦਾ ਹੈ ਕਿ ਸਿੱਖਿਆ ਪੱਖੋਂ ਗੁਰੂਗ੍ਰਾਮ ਇਸਦਾ ਨੰਬਰ ਇੱਕ ਸ਼ਹਿਰ ਹੈ। ਪਰ ਪੰਜਾਬ ਦਾ ਸਭ ਤੋਂ ਘੱਟ ਪ੍ਰਦਰਸ਼ਨ ਕਰਨ ਵਾਲਾ ਜ਼ਿਲ੍ਹਾ ਪਟਿਆਲਾ ਵੀ ਗੁਰੂਗ੍ਰਾਮ ਨਾਲੋਂ ਬਿਹਤਰ ਪ੍ਰਦਰਸ਼ਨ ਕਰਦਾ ਹੈ। ਪੰਜਾਬ ਨੇ ਪ੍ਰਾਇਮਰੀ ਸਕੂਲ ਸਿੱਖਿਆ ਵਿੱਚ ਕੇਰਲਾ ਨੂੰ ਵੀ ਪਛਾੜ ਦਿੱਤਾ ਹੈ। ਜਦੋਂ ਕਿ ਉਹ ਰਾਜਨੀਤੀ ਖੇਡਣ ਵਿੱਚ ਰੁੱਝੇ ਹੋਏ ਹਨ। ਅਸੀਂ ਨੀਤੀ ਬਣਾਉਣ ਵਿੱਚ ਰੁੱਝੇ ਹੋਏ ਹਾਂ।

ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸਿੱਖਿਆ ਸੁਧਾਰਾਂ ਦੇ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ, ਸਾਲ 2026 ਵਿੱਚ 361 ਵਿਦਿਆਰਥੀਆਂ ਨੇ ਜੇਈਈ (ਮੇਨ) ਅਤੇ 64 ਨੇ ਜੇਈਈ (ਐਡਵਾਂਸਡ) ਪਾਸ ਕੀਤੀ। ਇਸੇ ਤਰ੍ਹਾਂ ਨੀਟ ਪਾਸ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਸਾਲ 2024 ਵਿੱਚ 437 ਤੋਂ 2026 ਵਿੱਚ 882 ਹੋ ਗਈ। ਇਹ ਦੋ ਸਾਲਾਂ ਵਿੱਚ 100 ਫ਼ੀਸਦ ਤੋਂ ਵੱਧ ਦੇ ਵਾਧੇ ਨੂੰ ਦਰਸਾਉਂਦਾ ਹੈ। ਸਾਲ 2022 ਵਿੱਚ 80 ਤੋਂ ਘੱਟ ਵਿਦਿਆਰਥੀਆਂ ਨੇ ਇਹ ਸਫਲਤਾ ਹਾਸਲ ਕੀਤੀ ਸੀ ਜੋ ਅੱਜ 882 ਵਿਦਿਆਰਥੀਆਂ ਤੱਕ ਪਹੁੰਚ ਗਈ ਹੈ। ਇਹ ਮਿਆਰੀ ਸਿੱਖਿਆ ਨਾਲ ਹੀ ਸੰਭਵ ਹੋਇਆ ਹੈ।



ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਗੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਵਿਭਾਗ ਬਲਾਕਚੈਨ ਤਕਨਾਲੋਜੀ ਦੀ ਪੜਚੋਲ ਕਰ ਰਿਹਾ ਹੈ ਤਾਂ ਜੋ ਪ੍ਰੀਖਿਆਵਾਂ ਵਿੱਚ ਨਕਲ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ, ਪੰਜਾਬ ਪ੍ਰੀਖਿਆਵਾਂ ਦੀ ਇਮਾਨਦਾਰੀ ਨੂੰ ਯਕੀਨੀ ਬਣਾਉਣ ਲਈ ਭਵਿੱਖ ਮੁੱਖੀ ਪ੍ਰਣਾਲੀਆਂ ਵਿੱਚ ਨਿਵੇਸ਼ ਕਰ ਰਿਹਾ ਹੈ। ਹਰਿਆਣਾ ਕੀ ਕਰ ਰਿਹਾ ਹੈ? ਕੁਝ ਵੀ ਨਹੀਂ, ਕਿਉਂਕਿ ਇਸਦਾ ਮੁੱਖ ਮੰਤਰੀ ਫੋਟੋਆਂ ਖਿੱਚਣ ਵਿੱਚ ਰੁੱਝਿਆ ਹੋਇਆ ਹੈ।

ਸ. ਬੈਂਸ ਨੇ ਕਾਨਫਰੰਸ ਦੌਰਾਨ ਕਿਹਾ, ਜੇਕਰ ਕੋਈ ਮੈਨੂੰ ਨਿੱਜੀ ਤੌਰ 'ਤੇ ਨਿਸ਼ਾਨਾ ਬਣਾਉਂਦਾ ਹੈ, ਤਾਂ ਮੈਨੂੰ ਕੋਈ ਪਰਵਾਹ ਨਹੀਂ ਹੈ। ਮੈਂ ਇੱਕ ਆਮ ਆਦਮੀ ਹਾਂ। ਪਰ ਮੈਂ ਆਪਣੇ ਪੰਜਾਬ, ਆਪਣੇ ਮੁੱਖ ਮੰਤਰੀ ਸ. ਮਾਨ ਜਾਂ ਆਪਣੇ ਵਿਦਿਆਰਥੀਆਂ ਵਿਰੁੱਧ ਇੱਕ ਸ਼ਬਦ ਵੀ ਨਹੀਂ ਸੁਣਾਂਗਾ। ਚਾਰ ਸਾਲਾਂ ਤੋਂ, ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਸਾਡੇ ਬਾਰੇ ਝੂਠ ਫੈਲਾਉਂਦੇ ਰਹੇ ਹਨ। ਪਰ ਅੱਜ, ਪੂਰਾ ਦੇਸ਼ ਸੱਚ ਜਾਣਦਾ ਹੈ।

ਹਰਿਆਣਾ ਸਰਕਾਰ ਨੂੰ ਸੰਦੇਸ਼ ਦਿੰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਪੇਪਰ ਲੀਕ ਕਰਨ ਵਾਲਿਆਂ ਨੂੰ ਸ਼ੈਅ ਦੇਣੀ ਬੰਦ ਕਰਨੀ ਚਾਹੀਦੀ ਹੈ। ਪਹਿਲਾਂ ਆਪਣੇ ਸੂਬੇ ਨੂੰ ਸੰਭਾਲੋ। ਅਸੀਂ ਨਕਲ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਹੈ। ਅਸੀਂ ਇਸ ਗਤੀਵਿਧੀਆਂ ਵਿੱਚ ਸ਼ਾਮਸ਼ ਹਰ ਵਿਅਕਤੀ ਨੂੰ ਫੜਾਂਗੇ। ਪੰਜਾਬ ਨੂੰ ਬਦਨਾਮ ਕਰਨਾ ਬੰਦ ਕਰੋ।

ਸਿੱਖਿਆ ਨੂੰ ਆਪਣੀ ਜ਼ਿੰਦਗੀ ਦਾ ਮਿਸ਼ਨ ਦੱਸਦਿਆਂ ਮੰਤਰੀ ਨੇ ਅੱਗੇ ਕਿਹਾ, ਸਿੱਖਿਆ ਸਿਰਫ਼ ਮੇਰਾ ਪੋਰਟਫੋਲੀਓ ਨਹੀਂ ਹੈ, ਇਹ ਮੇਰਾ ਜਨੂੰਨ ਹੈ। ਮੈਂ ਹਰ ਪੰਜਾਬੀ ਵਿਦਿਆਰਥੀ ਦੇ ਭਵਿੱਖ ਦੀ ਰਾਖੀ ਕਰਾਂਗਾ, ਭਾਵੇਂ ਸਾਡੇ ਵਿਰੁੱਧ ਕਿੰਨੀਆਂ ਵੀ ਸਾਜ਼ਿਸ਼ਾਂ ਰਚੀਆਂ ਜਾਣ।

**ਪੰਜਾਬ ਪੁਲਿਸ ਵੱਲੋਂ ਅਤਿ-ਆਧੁਨਿਕ ਅੰਤਰ-ਰਾਜੀ ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼: ਆਈਜੀਪੀ ਨੀਲਾਂਬਰੀ ਜਗਦਲੇ**

ਆਈ.ਜੀ.ਪੀ. ਜਗਦਲੇ ਨੇ ਕਿਹਾ ਮੈਂ ਇੱਕ ਗੱਲ ਬਿਲਕੁਲ ਸਪਸ਼ਟ ਕਰਨਾ ਚਾਹੁੰਦੀ ਹਾਂ ਕਿ ਇਹ ਪੇਪਰ ਲੀਕ ਹੋਣ ਦਾ ਮਾਮਲਾ ਨਹੀਂ ਹੈ। ਇਹ ਅੰਤਰ-ਰਾਜੀ ਸਬੰਧਾਂ ਵਾਲਾ ਇੱਕ ਸੰਗਠਿਤ ਅਤੇ ਤਕਨਾਲੋਜੀ-ਅਧਾਰਿਤ ਧੋਖਾਧੜੀ ਦਾ ਰੈਕੇਟ ਹੈ। ਉਨ੍ਹਾਂ ਅੱਗੇ ਕਿਹਾ,ਹੁਣ ਤੱਕ 10 ਹੈਂਡਲਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਗਲਤ ਢੰਗਾਂ ਦੀ ਵਰਤੋਂ ਕਰਨ ਵਾਲੇ 25 ਉਮੀਦਵਾਰਾਂ ਨੂੰ ਵੀ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

ਆਈ.ਜੀ.ਪੀ. ਨੇ ਦੱਸਿਆ ਕਿ ਇਸ ਰੈਕੇਟ ਵਿੱਚ ਹੁਣ ਤੱਕ 13 ਹੈਂਡਲਰਾਂ ਦੀ ਪਛਾਣ ਕੀਤੀ ਜਾ ਚੁੱਕੀ ਹੈ, ਜਿਨ੍ਹਾਂ ਵਿੱਚੋਂ ਅੱਠ ਹਰਿਆਣਾ ਅਤੇ ਰਾਜਸਥਾਨ ਦੇ ਹਨ, ਜਦੋਂ ਕਿ ਪੰਜ ਵਿਅਕਤੀ ਪੰਜਾਬ ਦੇ ਹਨ।

ਜਗਦਲੇ ਨੇ ਅੱਗੇ ਦੱਸਿਆ 19 ਜੁਲਾਈ ਦੀ ਸਵੇਰ ਨੂੰ ਸਾਨੂੰ ਖ਼ਾਸ ਖੁਫ਼ੀਆ ਜਾਣਕਾਰੀ ਮਿਲੀ ਸੀ ਕਿ ਇੱਕ ਅੰਤਰ-ਰਾਜੀ ਗਿਰੋਹ ਫ਼ਰੀਦਕੋਟ ਵਿਖੇ ਬੀਐਫਯੂਐਚਐਸ ਫਾਰਮੇਸੀ ਪ੍ਰੀਖਿਆ ਦੌਰਾਨ ਨਕਲ ਕਰਵਾਉਣ ਲਈ ਐਡਵਾਂਸਡ ਵਾਇਰਲੈੱਸ ਅਤੇ ਬਲੂਟੁੱਥ ਡਿਵਾਈਸਾਂ ਦੀ ਵਰਤੋਂ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਸਾਡੇ ਮੁਖ਼ਬਰਾਂ ਨੇ ਉਨ੍ਹਾਂ ਦੇ ਟਿਕਾਣੇ ਦਾ ਪਤਾ ਲਗਾਇਆ ਤਾਂ ਉਹ ਸੁਸਾਇਟੀ ਨਗਰ, ਫ਼ਰੀਦਕੋਟ ਵਿਖੇ ਗੁਰਮੀਤ ਸਿੰਘ ਦਾ ਘਰ ਸੀ। ਪੁਲਿਸ ਨੂੰ ਪਤਾ ਲੱਗਾ ਕਿ ਉੱਥੇ ਇੱਕ ਪੂਰੀ ਤਰ੍ਹਾਂ ਕਾਰਜਸ਼ੀਲ ਆਰਜ਼ੀ ਕੰਟਰੋਲ ਰੂਮ ਬਣਿਆ ਹੋਇਆ ਸੀ, ਜੋ ਵਾਇਰਲੈੱਸ ਟ੍ਰਾਂਸਮੀਟਰਾਂ, ਮੋਡੀਫਾਈਡ ਮੋਬਾਈਲ ਫ਼ੋਨਾਂ ਅਤੇ ਜਵਾਬ ਲਿਖਵਾਉਣ ਲਈ ਤਿਆਰ ਬੈਠੀ ਹੈਂਡਲਰਾਂ ਦੀ ਇੱਕ ਸਮਰਪਿਤ ਟੀਮ ਨਾਲ ਲੈਸ ਸੀ।

ਆਈ.ਜੀ.ਪੀ. ਨੇ ਅੱਗੇ ਦੱਸਿਆ,ਉਨ੍ਹਾਂ ਦਾ ਕੰਮ ਕਰਨ ਦਾ ਤਰੀਕਾ ਬਹੁਤ ਹੀ ਸਟੀਕ ਅਤੇ ਹੈਰਾਨ ਕਰਨ ਵਾਲਾ ਸੀ। ਭਿਵਾਨੀ ਦੇ ਰਹਿਣ ਵਾਲੇ ਇੱਕ ਉਮੀਦਵਾਰ ਨੇ ਪ੍ਰੀਖਿਆ ਸ਼ੁਰੂ ਹੁੰਦੇ ਹੀ ਪ੍ਰਸ਼ਨ ਪੱਤਰ ਨੂੰ ਸਕੈਨ ਕਰਨ ਲਈ ਇੱਕ ਜਾਸੂਸੀ ਕੈਮਰੇ ਦੀ ਵਰਤੋਂ ਕੀਤੀ। ਉਸਨੇ ਇਹ ਤਸਵੀਰਾਂ ਭਿਵਾਨੀ ਦੇ ਹੀ ਇੱਕ ਹੈਂਡਲਰ ਸਾਜਨ ਨੂੰ ਭੇਜੀਆਂ, ਜਿਸਨੇ ਪੇਪਰ ਹੱਲ ਕੀਤਾ। ਇਸ ਤੋਂ ਬਾਅਦ ਜਵਾਬ ਕੰਟਰੋਲ ਰੂਮ ਵਿੱਚ ਭੇਜੇ ਗਏ ਜਿੱਥੇ ਹੈਂਡਲਰ ਦੀਪਕ ਅਤੇ ਮਨਜੀਤ ਨੂੰ ਪ੍ਰੀਖਿਆ ਹਾਲ ਦੇ ਅੰਦਰ ਮੌਜੂਦ ਉਮੀਦਵਾਰਾਂ ਨੂੰ ਵਾਇਰਲੈੱਸ ਡਿਵਾਈਸਾਂ ਰਾਹੀਂ ਜਵਾਬ ਬੋਲ ਕੇ ਲਿਖਵਾਉਣ ਦਾ ਕੰਮ ਸੌਂਪਿਆ ਗਿਆ ਸੀ।

ਇਸ ਤੋਂ ਪਹਿਲਾਂ ਕਿ ਉਹ ਆਪਣੀ ਯੋਜਨਾ ਨੂੰ ਅੰਜਾਮ ਦੇ ਸਕਦੇ, ਸਾਡੀਆਂ ਟੀਮਾਂ ਨੇ ਛਾਪਾ ਮਾਰ ਦਿੱਤਾ। ਅਸੀਂ ਕੰਟਰੋਲ ਰੂਮ 'ਤੇ ਛਾਪਾ ਮਾਰ ਕੇ ਸਾਰੇ ਛੇ ਹੈਂਡਲਰਾਂ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।

ਆਈ.ਜੀ.ਪੀ. ਨੇ ਇਸ ਮੁਹਿੰਮ ਦੇ ਪੱਧਰ ਦਾ ਖ਼ੁਲਾਸਾ ਕਰਦਿਆਂ ਦੱਸਿਆ,ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ 200 ਤੋਂ ਵੱਧ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ। ਅਸੀਂ ਤੁਰੰਤ ਸਾਰੇ ਪ੍ਰੀਖਿਆ ਸੁਪਰਵਾਈਜ਼ਰਾਂ, ਕੰਟਰੋਲਰਾਂ ਅਤੇ ਨਿਰੀਖਕਾਂ ਨੂੰ ਅਲਰਟ ਕਰ ਦਿੱਤਾ, ਜਿਨ੍ਹਾਂ ਨੇ ਉਮੀਦਵਾਰਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ।

ਉਨ੍ਹਾਂ ਦੱਸਿਆ ਕਿ ਪੁਲਿਸ ਨੇ 38 ਮੋਡੀਫਾਈਡ ਕੇਚੌਂਡਾ ਫੋਨ ਬਰਾਮਦ ਕੀਤੇ, ਜਿਨ੍ਹਾਂ ਵਿੱਚੋਂ 25 ਉਮੀਦਵਾਰਾਂ ਦੇ ਅਤੇ 13 ਹੈਂਡਲਰਾਂ ਦੇ ਸਨ। ਇਸ ਤੋਂ ਇਲਾਵਾ 21 ਲੁਕੇ ਵਾਇਰਲੈੱਸ ਈਅਰਪੀਸ ਅਤੇ ਕਾਰਵਾਈ ਵਿੱਚ ਵਰਤੇ ਗਏ ਦੋ ਵਾਹਨ ਵੀ ਬਰਾਮਦ ਕੀਤੇ। ਉਨ੍ਹਾਂ ਦੱਸਿਆ, ਕੇਚੌਂਡਾ ਕੇ33 ਫੋਨ ਦਿੱਲੀ ਦੇ ਇੱਕ ਵਿਕਰੇਤਾ ਤੋਂ ਖ਼ਰੀਦੇ ਗਏ ਸਨ ਅਤੇ ਯੂਟਿਊਬ 'ਤੇ ਆਸਾਨੀ ਨਾਲ ਉਪਲਬਧ ਟਿਊਟੋਰਿਅਲਸ ਦੀ ਮਦਦ ਨਾਲ ਇਨ੍ਹਾਂ ਨੂੰ ਮੋਡੀਫਾਈ ਕੀਤਾ ਗਿਆ ਸੀ। ਇਨ੍ਹਾਂ ਡਿਵਾਈਸਾਂ ਦੇ ਗ਼ੈਰ-ਜ਼ਰੂਰੀ ਹਿੱਸੇ ਜਿਵੇਂ ਕਿ ਸਕ੍ਰੀਨ, ਮਾਈਕ੍ਰੋਫ਼ੋਨ ਅਤੇ ਸਪੀਕਰ ਹਟਾ ਦਿੱਤੇ ਗਏ ਸਨ ਅਤੇ ਇਨ੍ਹਾਂ ਵਿੱਚ ਆਰ.ਐੱਫ. ਫ੍ਰੀਕੁਐਂਸੀ ਟ੍ਰਾਂਸਮੀਟਰ ਫਿੱਟ ਕੀਤੇ ਗਏ ਸਨ। ਉਨ੍ਹਾਂ ਅੱਗੇ ਦੱਸਿਆ, ਇਹ ਨੈੱਟਵਰਕ ਇੰਨਾ ਜ਼ਿਆਦਾ ਹਾਈ-ਟੈਕ ਸੀ ਕਿ ਇਹ ਹੀਡਨ ਈਅਰਪੀਸ ਇੰਨੇ ਛੋਟੇ ਹਨ ਕਿ ਇਹ ਕੰਨ ਦੀ ਨਲੀ ਦੇ ਬਹੁਤ ਅੰਦਰ ਤੱਕ ਫਿੱਟ ਹੋ ਸਕਦੇ ਹਨ ਅਤੇ ਸਰੀਰਕ ਜਾਂਚ ਦੌਰਾਨ ਵੀ ਨੰਗੀ ਅੱਖ ਨਾਲ ਦਿਖਾਈ ਨਹੀਂ ਦਿੰਦੇ।

ਇੱਕ ਮਹੱਤਵਪੂਰਨ ਸਪਸ਼ਟੀਕਰਨ ਦਿੰਦਿਆਂ ਆਈ.ਜੀ.ਪੀ. ਜਗਦਲੇ ਨੇ ਦੱਸਿਆ ਕਿ ਜਾਂਚ ਵਿੱਚ ਕਿਸੇ ਵੀ ਪ੍ਰੀਖਿਆ ਸਟਾਫ਼, ਅਧਿਕਾਰੀਆਂ ਜਾਂ ਕੇਂਦਰ ਦੇ ਸੁਪਰਵਾਈਜ਼ਰਾਂ ਦੀ ਸ਼ਮੂਲੀਅਤ ਨਹੀਂ ਪਾਈ ਗਈ ਹੈ। ਉਨ੍ਹਾਂ ਅੱਗੇ ਦੱਸਿਆ,ਮੈਂ ਇਹ ਬਿਲਕੁਲ ਸਪੱਸ਼ਟ ਕਰਨਾ ਚਾਹੁੰਦੀ ਹਾਂ ਕਿ ਇਹ ਨਾ ਤਾਂ ਪੇਪਰ ਲੀਕ ਹੋਣ ਦਾ ਮਾਮਲਾ ਹੈ ਅਤੇ ਨਾ ਹੀ ਕਿਸੇ ਸਰਕਾਰੀ ਕਰਮਚਾਰੀ, ਅਧਿਕਾਰੀ ਜਾਂ ਪ੍ਰੀਖਿਆ ਕੇਂਦਰ ਦੇ ਸਟਾਫ਼ ਦੀ ਕੋਈ ਮਿਲੀਭੁਗਤ ਹੈ। ਸਾਡੀ ਜਾਂਚ ਨੇ ਇਹ ਸਾਬਤ ਕੀਤਾ ਹੈ ਕਿ ਇਹ ਨਕਲ ਕਰਵਾਉਣ ਵਾਲਾ ਗਿਰੋਹ ਪੂਰੀ ਤਰ੍ਹਾਂ ਬਾਹਰੋਂ ਕੰਮ ਕਰ ਰਿਹਾ ਸੀ ਅਤੇ ਉਮੀਦਵਾਰਾਂ ਜ਼ਰੀਏ ਕੰਮ ਕਰ ਰਿਹਾ ਸੀ।

ਆਈ.ਜੀ.ਪੀ. ਨੇ ਪੁਸ਼ਟੀ ਕੀਤੀ ਹਾਲਾਂਕਿ ਇਸ ਕਾਰਵਾਈ ਨੇ ਗਿਰੋਹ ਨੂੰ ਇੱਕ ਵੱਡਾ ਝਟਕਾ ਦਿੱਤਾ ਹੈ, ਪਰ ਕਿ ਇਹ ਮੁਹਿੰਮ ਅਜੇ ਖ਼ਤਮ ਨਹੀਂ ਹੋਈ ਹੈ। ਉਨ੍ਹਾਂ ਨੇ ਦਾਅਵਾ ਕੀਤਾ,ਤਿੰਨ ਹੈਂਡਲਰ ਅਤੇ ਚਾਰ ਉਮੀਦਵਾਰ ਅਜੇ ਵੀ ਫ਼ਰਾਰ ਹਨ। ਸਾਡੀਆਂ ਟੀਮਾਂ ਹਰਿਆਣਾ, ਰਾਜਸਥਾਨ ਅਤੇ ਪੰਜਾਬ ਦੇ ਕਈ ਸ਼ਹਿਰਾਂ ਵਿੱਚ ਛਾਪੇਮਾਰੀ ਕਰ ਰਹੀਆਂ ਹਨ। ਅਸੀਂ ਉਦੋਂ ਤੱਕ ਚੈਨ ਨਾਲ ਨਹੀਂ ਬੈਠਾਂਗੇ ਜਦੋਂ ਤੱਕ ਇਸ ਸਾਜ਼ਿਸ਼ ਵਿੱਚ ਸ਼ਾਮਲ ਹਰੇਕ ਵਿਅਕਤੀ ਨੂੰ ਸਲਾਖਾਂ ਪਿੱਛੇ ਨਹੀਂ ਭੇਜ ਦਿੱਤਾ ਜਾਂਦਾ।

ਆਈ.ਜੀ.ਪੀ. ਜਗਦਲੇ ਨੇ ਕਿਹਾ, ਪੰਜਾਬ ਪੁਲਿਸ ਦੀ ਅਪਰਾਧ, ਭ੍ਰਿਸ਼ਟਾਚਾਰ ਅਤੇ ਗ਼ਲਤ ਤਰੀਕਿਆਂ ਖ਼ਿਲਾਫ਼ ਜ਼ੀਰੋ-ਟਾਲਰੈਂਸ ਨੀਤੀ ਹੈ ਅਤੇ ਇਸ ਤਹਿਤ ਅਸੀਂ ਸਾਡੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਖ਼ਿਲਾਫ਼ ਇਸੇ ਤਰ੍ਹਾਂ ਦੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਰੈਸ਼ਨੇਲਾਈਜ਼ੇਸ਼ਨ ਤੋਂ ਬਾਅਦ ਜ਼ਿਲ੍ਹੇ 'ਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 911 ਤੋਂ ਵਧ ਕੇ 925 ਹੋਈ



**ਤਰਨ ਤਾਰਨ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਚੋਣ ਕਮਿਸ਼ਨ ਨੇ ਐੱਸ.ਆਈ.ਆਰ ਮੁਹਿੰਮ ਤਹਿਤ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਤਹਿਤ ਤਰਨ ਤਾਰਨ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 911 ਤੋਂ ਵਧਾ ਕੇ 925 ਕਰਨ ਦੀ ਤਜਵੀਜ਼ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਨੇ ਦੱਸਿਆ ਕਿ ਰੈਸ਼ਨੇਲਾਈਜ਼ੇਸ਼ਨ ਤੋਂ ਬਾਅਦ,14 ਨਵੇਂ ਪੋਲਿੰਗ ਬੂਥਾਂ ਦੀ ਸਥਾਪਨਾ ਨਾਲ ਜ਼ਿਲ੍ਹੇ ਵਿੱਚ ਹੁਣ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 911 ਤੋਂ ਵਧ ਕੇ 925 ਹੋ ਗਈ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਤਰਨ ਤਾਰਨ ਵਿਧਾਨ ਸਭਾ ਹਲਕੇ ਵਿੱਚ 4 ਨਵੇਂ ਪੋਲਿੰਗ ਬੂਥਾਂ ਨੂੰ ਪ੍ਰਵਾਨਗੀ ਮਿਲੀ ਹੈ, ਜਿਸ ਨਾਲ ਹਲਕੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 222 ਤੋਂ ਵੱਧ ਕੇ 226 ਹੋ ਗਈ ਹੈ।

ਉਨ੍ਹਾਂ ਦੱਸਿਆ ਕਿ ਖੇਮਕਰਨ ਹਲਕੇ ਵਿੱਚ ਕੋਈ ਨਵਾਂ ਪੋਲਿੰਗ ਬੂਥ ਨਹੀਂ ਬਣਾਇਆ ਗਿਆ ਅਤੇ ਇਥੇ ਪੋਲਿੰਗ ਸਟੇਸ਼ਨਾਂ ਦੀ ਗਿਣਤੀ 235 ਹੀ ਰਹੇਗੀ।

ਇਸੇ ਤਰ੍ਹਾਂ ਪੱਟੀ ਵਿਧਾਨ ਸਭਾ ਹਲਕੇ ਵਿੱਚ 3 ਨਵੇਂ ਪੋਲਿੰਗ ਬੂਥਾ ਨੂੰ ਪ੍ਰਵਾਨਗੀ ਮਿਲੀ ਹੈ, ਜਿਸ ਨਾਲ ਹਲਕੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 225 ਤੋਂ ਵੱਧ ਕੇ 228 ਹੋ ਗਈ ਹੈ।

ਇਸ ਤੋਂ ਇਲਾਵਾ ਖਡੂਰ ਸਾਹਿਬ ਵਿਧਾਨ ਸਭਾ ਹਲਕੇ ਵਿੱਚ 7 ਨਵੇਂ ਪੋਲਿੰਗ ਬੂਥਾਂ ਨੂੰ ਪ੍ਰਵਾਨਗੀ ਮਿਲਣ ਨਾਲ ਹਲਕੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 229 ਤੋਂ ਵੱਧ ਕੇ 236 ਹੋ ਗਈ ਹੈ।

ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ 1,200 ਤੋਂ ਵੱਧ ਵੋਟਰਾਂ ਵਾਲੇ ਪੋਲਿੰਗ ਬੂਥਾਂ ਨੂੰ ਜਾਂ ਤਾਂ ਨਵੇਂ ਪੋਲਿੰਗ ਬੂਥ ਸਥਾਪਿਤ ਕਰਕੇ ਜਾਂ ਜਿੱਥੇ ਸੰਭਵ ਹੋਵੇ, ਉਸੇ ਪੋਲਿੰਗ ਸਟੇਸ਼ਨ ਦੀ ਇਮਾਰਤ ਦੇ ਅੰਦਰ ਹੀ ਵੋਟਰਾਂ ਦੀ ਮੁੜ-ਵੰਡ ਕਰਕੇ ਰੈਸ਼ਨੇਲਾਈਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਪੋਲਿੰਗ ਸਟੇਸ਼ਨਾਂ ਦਾ ਬਿਹਤਰ ਪ੍ਰਬੰਧਨ ਯਕੀਨੀ ਬਣਾਉਣਾ ਅਤੇ ਚੋਣਾਂ ਦੌਰਾਨ ਵੋਟਰਾਂ ਨੂੰ ਵਧੇਰੇ ਸਹੂਲਤ ਪ੍ਰਦਾਨ ਕਰਨਾ ਹੈ।

# ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਬਾਣੀ ਤੋਂ ਪ੍ਰੇਰਨਾ ਲੈਣ ਦਾ ਦਿੱਤਾ ਸੱਦਾ



**ਫਾਜਿਲਕਾ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਫਾਜਿਲਕਾ ਹਲਕੇ ਦੇ ਪਿੰਡ ਨਿਓਲਾਂ ਅਤੇ ਰਾਣਾ ਵਿਖੇ ਬੀਤੇ ਦਿਨ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ, ਫ਼ਲਸਫ਼ੇ ਅਤੇ ਮਨੁੱਖਤਾ ਲਈ ਦਿੱਤੇ ਮਹਾਨ ਸੰਦੇਸ਼ ਨੂੰ ਉਜਾਗਰ ਕਰਦੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਦਸਤਾਵੇਜ਼ੀ ਫਿਲਮ ਨੂੰ ਬੜੀ ਦਿਲਚਸਪੀ ਅਤੇ ਗੰਭੀਰਤਾ ਨਾਲ ਦੇਖਿਆ। ਡਾਕੂਮੈਂਟਰੀ ਸ਼ੋਅ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਮਨੁੱਖੀ ਬਰਾਬਰੀ, ਸਮਾਜਿਕ ਨਿਆਂ, ਭਾਈਚਾਰਾ, ਸੇਵਾ, ਸਦਭਾਵਨਾ ਅਤੇ ਜਾਤ-ਪਾਤ ਤੋਂ ਉੱਪਰ ਉੱਠ ਕੇ ਸਮਾਨਤਾ ਵਾਲੇ ਸਮਾਜ ਦੀ ਸਿਰਜਣਾ ਲਈ ਦਿੱਤੇ ਗਏ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।

ਇਸ ਦੌਰਾਨ ਦਰਸ਼ਕਾਂ ਨੂੰ ਗੁਰੂ ਸਾਹਿਬ ਦੇ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਅਤੇ ਮਨੁੱਖਤਾ ਦੀ ਭਲਾਈ ਲਈ ਉਹਨਾਂ ਦੇ ਅਮੁੱਲੇ ਯੋਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਾ ਨਾਲ ਜੋੜਨ ਅਤੇ ਉਹਨਾਂ ਦੇ ਉੱਚੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਲਈ ਇਹ ਦਸਤਾਵੇਜ਼ੀ ਫਿਲਮ ਇੱਕ ਪ੍ਰਭਾਵਸ਼ਾਲੀ ਉਪਰਾਲਾ ਸਾਬਤ ਹੋ ਰਹੀ ਹੈ।

ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ, ਆਪਸੀ ਸਤਿਕਾਰ ਅਤੇ ਮਨੁੱਖੀ ਏਕਤਾ ਦਾ ਰਾਹ ਦਿਖਾਉਂਦੀ ਹੈ। ਉਹਨਾਂ ਵਿਸ਼ਵਾਸ ਪ੍ਰਗਟਾਇਆ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਅਤੇ ਦਸਤਾਵੇਜ਼ੀ ਫਿਲਮ ਰਾਹੀਂ ਗੁਰੂ ਸਾਹਿਬ ਦੇ ਉੱਚੇ ਆਦਰਸ਼ਾਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾ ਸਕੇਗਾ, ਜਿਸ ਨਾਲ ਸਮਾਜ ਵਿੱਚ ਭਾਈਚਾਰਾ, ਸਦਭਾਵਨਾ ਅਤੇ ਸਮਾਜਿਕ ਏਕਤਾ ਨੂੰ ਹੋਰ ਮਜ਼ਬੂਤੀ ਮਿਲੇਗੀ।

# ਪੰਜਾਬ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲ ਚ ਆਪਣਾ ਹਰ ਵਾਅਦਾ ਕੀਤਾ ਪੂਰਾ, ਹਰ ਇਕ ਵਰਗ ਦਾ ਬਣੀ ਸਹਾਰਾ, ਪਾਰਟੀ ਚੀਫ਼ ਵ੍ਹਿਪ ਪ੍ਰੋ: ਬਲਜਿੰਦਰ ਕੌਰ

**ਬਠਿੰਡਾ, 1 ਅਗਸਤ**
**-ਗੁਰਤੇਜ ਅਤਲਾ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿਛਲੇ ਸਾਢੇ ਚਾਰ ਸਾਲਾਂ ਚ ਆਪਣਾ ਹਰ ਇਕ ਵਾਅਦਾ ਪੂਰਾ ਕਰ ਚੁੱਕੀ ਹੈ ਅਤੇ ਸਮਾਜ ਦੇ ਹਰ ਇਕ ਵਰਗ ਦਾ ਸਹਾਰਾ ਬਣ ਕੇ ਉਭਰੀ ਹੈ।

ਚੀਫ਼ ਵ੍ਹਿਪ ਕੈਬਨਿਟ ਰੈਂਕ ਅਤੇ ਵਿਧਾਇਕ ਤਲਵੰਡੀ ਸਾਬੋ ਪ੍ਰੋ: ਬਲਜਿੰਦਰ ਕੌਰ ਨੇ ਇਹ ਪ੍ਰਗਟਾਵਾ ਅੱਜ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਮੇਅਰ ਨਗਰ ਨਿਗਮ ਸ਼੍ਰੀ ਪਦਮਜੀਤ ਸਿੰਘ ਮਹਿਤਾ ਅਤੇ ਚੇਅਰਮੈਨ ਸ਼ੂਗਰਫੈਡ ਅਤੇ ਲੋਕ ਸਭਾ ਹਲਕਾ ਬਠਿੰਡਾ ਇੰਚਾਰਜ ਸ਼੍ਰੀ ਨਵਦੀਪ ਸਿੰਘ ਜੀਦਾ ਵੀ ਉਨ੍ਹਾਂ ਨਾਲ ਹਾਜ਼ਰ ਸਨ। ਪ੍ਰੋ: ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਮੇਸ਼ਾ ਸਫਾਈ ਕਰਮਚਾਰੀਆਂ ਦੇ ਹਿੱਤਾਂ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਉਹਨਾਂ ਕਿਹਾ ਕਿ ਸਰਕਾਰ ਸਫਾਈ ਕਰਮਚਾਰੀਆਂ ਦੀਆਂ ਹੋਰ ਲੰਬਿਤ ਮੰਗਾਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ ਅਤੇ ਪੜਾਅਵਾਰ ਢੰਗ ਨਾਲ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਵਿੱਚ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਅਨੇਕਾਂ ਲੋਕ-ਹਿਤੈਸ਼ੀ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ।



ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਇੱਕ ਪੰਜਾਬੀ ਨੂੰ ਕੀਤੇ ਗਏ ਵਾਅਦਿਆਂ 'ਤੇ ਖਰਾ ਉਤਰਦਿਆਂ ਹਰ ਇਕ ਵਾਅਦਾ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਘਰੇਲੂ ਖਪਤਕਾਰਾਂ ਲਈ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੀ ਯੋਜਨਾ ਲਾਗੂ ਕੀਤੀ ਜੋ ਨਿਰੰਤਰ ਜਾਰੀ ਹੈ। ਇਸ ਨਾਲ 80 ਫੀਸਦੀ ਤੋਂ ਵੱਧ ਬਿਜਲੀ ਖਪਤਕਾਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਲਈ ਵੀ ਸਰਕਾਰ ਵਰਦਾਨ ਸਾਬਤ ਹੋਈ ਹੈ, ਜਿੰਨ੍ਹਾਂ ਨੂੰ ਟੇਲਾਂ ਤੱਕ ਸਿੰਚਾਈ ਲਈ ਪਾਣੀ ਪਹੁੰਚਾਇਆਂ ਅਤੇ ਨਿਰੰਤਰ ਬਿਜਲੀ ਦੀ ਸਪਲਾਈ ਮਿਲ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 10 ਲੱਖ ਤੱਕ ਦਾ ਮੁਫ਼ਤ ਇਲਾਜ ਹਰ ਇਕ ਸਰਕਾਰੀ ਹਸਪਤਾਲ ਚ ਮਿਲ ਰਿਹਾ ਹੈ। ਇਹ ਪਹਿਲੀ ਵਾਰ ਹੈ ਕਿ ਸਰਕਾਰੀ ਹਸਪਤਾਲਾਂ ਚ ਗੋਡੇ ਬਦਲਣ ਅਤੇ ਚੂਲੇ ਬਦਲਣ ਦਾ ਇਲਾਜ ਮੁਫ਼ਤ ਕੀਤਾ ਜਾ ਰਿਹਾ ਹੈ। ਸਿਹਤ ਖੇਤਰ 'ਚ ਸਰਕਾਰ ਵੱਲੋਂ ਖੋਲ੍ਹੇ ਗਏ ਆਮ ਆਦਮੀ ਕਲੀਨਿਕ ਮੁਫ਼ਤ ਦਵਾਈਆਂ ਅਤੇ ਟੈਸਟਾਂ ਦੀ ਸਹੂਲਤ ਦੇ ਰਹੇ ਹਨ। ਨਾਲ ਹੀ ਸੂਬੇ ਦੇ ਵਾਸੀਆਂ ਦੀ ਸਿਹਤ ਦਾ ਵਿਸ਼ੇਸ਼ ਖ਼ਿਆਲ ਰੱਖਦਿਆਂ ਸਰਕਾਰ ਵੱਲੋਂ ਸੀ ਐਮ ਦੀ ਯੋਗਸ਼ਾਲਾ ਤਹਿਤ ਹਜ਼ਾਰਾਂ ਲੋਕਾਂ ਨੂੰ ਰੋਜ਼ਾਨਾ ਯੋਗਾ ਕਰਵਾਈ ਜਾਂਦੀ ਹੈ।

ਪੰਜਾਬ 'ਚ ਸਰਕਾਰੀ ਸਕੂਲਾਂ ਦੇ ਸੁਧਾਰ ਤੇ ਸਕੂਲ ਆਫ ਐਮੀਨੈਂਸ ਮਾਡਲ ਸ਼ੁਰੂ ਕੀਤੇ ਗਏ। ਅਧਿਆਪਕਾਂ ਦੇ ਵੱਖ-ਵੱਖ ਬੈਚਾਂ ਨੂੰ ਵਿਸ਼ੇਸ਼ ਸਿਖਲਾਈ ਲਈ ਸਿੰਘਾਪੁਰ ਦੇ ਵਿੱਦਿਅਕ ਦੌਰੇ ਵੀ ਕਰਵਾਏ ਗਏ। ਹਰ ਇਕ ਵਿਧਾਇਕ ਆਪਣੇ ਹਲਕੇ ਸਰਕਾਰੀ ਸਕੂਲਾਂ ਚ ਜਾ ਕੇ ਕੰਮ ਕਰ ਰਿਹਾ ਹੈ ਤਾਂ ਜੋ ਵਿਦਿਆਰਥੀਆਂ ਦੇ ਪੱਧਰ ਨੂੰ ਨਿਰੰਤਰ ਸੁਧਾਰਿਆ ਜਾ ਸਕੇ। ਇਸ ਤੋਂ ਇਲਾਵਾ ਹੁਣ ਮਹਿਲਾਵਾਂ ਨੂੰ ਮਾਵਾਂ ਧੀਆਂ ਸਤਕਾਰ ਯੋਜਨਾ ਤਹਿਤ ਹਰ ਮਹੀਨੇ ਪੈਸੇ ਦਿੱਤੇ ਜਾ ਰਹੇ ਹਨ।

# ਸਫਾਈ ਕਰਮਚਾਰੀਆਂ ਦੀ ਭਲਾਈ ਨੂੰ ਮੁੱਖ ਤਰਜੀਹ ਦੇ ਰਹੀ ਹੈ ਪੰਜਾਬ ਸਰਕਾਰ: ਬ੍ਰਮ ਸ਼ੰਕਰ ਜਿੰਪਾ



**ਹੁਸ਼ਿਆਰਪੁਰ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਧਾਇਕ ਬ੍ਰਮ ਸ਼ੰਕਰ ਜ਼ਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਮੇਸ਼ਾ ਸਫਾਈ ਕਰਮਚਾਰੀਆਂ ਦੇ ਹਿੱਤਾਂ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ।

ਅੱਜ ਇੱਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਧਾਇਕ ਬ੍ਰਮ ਸ਼ੰਕਰ ਜ਼ਿੰਪਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਇਤਿਹਾਸਕ ਫ਼ੈਸਲੇ ਲੈਂਦਿਆਂ ਸੂਬੇ ਭਰ ਵਿੱਚ 7 ਹਜ਼ਾਰ ਸਫਾਈ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਹੈ, ਜਦਕਿ ਠੇਕਾ ਆਧਾਰ 'ਤੇ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਦੀ ਮਹੀਨਾਵਾਰ ਤਨਖ਼ਾਹ 10,500 ਰੁਪਏ ਤੋਂ ਵਧਾ ਕੇ 20,500 ਰੁਪਏ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਕਰਮਚਾਰੀਆਂ ਦੇ ਸਨਮਾਨ ਅਤੇ ਆਰਥਿਕ ਸੁਰੱਖਿਆ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ।

ਵਿਧਾਇਕ ਜ਼ਿੰਪਾ ਨੇ ਕਿਹਾ ਕਿ ਸਰਕਾਰ ਸਫਾਈ ਕਰਮਚਾਰੀਆਂ ਦੀਆਂ ਹੋਰ ਲੰਬਿਤ ਮੰਗਾਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ ਅਤੇ ਪੜਾਅਵਾਰ ਢੰਗ ਨਾਲ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਵਿੱਚ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਅਨੇਕਾਂ ਲੋਕ-ਹਿਤੈਸ਼ੀ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਹਰ ਪਰਿਵਾਰ ਨੂੰ 600 ਯੂਨਿਟ ਮੁਫ਼ਤ ਬਿਜਲੀ, ਸਾਲਾਂ ਤੋਂ ਰੁਕੀਆਂ ਸਰਕਾਰੀ ਭਰਤੀਆਂ ਮੁੜ ਸ਼ੁਰੂ ਕਰਨਾ, ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ, ਸੜਕਾਂ ਦਾ ਵਿਆਪਕ ਵਿਕਾਸ, 19 ਤੋਂ ਵੱਧ ਟੋਲ ਪਲਾਜ਼ੇ ਬੰਦ ਕਰਨਾ, ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ ਅਤੇ 65 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣਾ ਪ੍ਰਮੁੱਖ ਪ੍ਰਾਪਤੀਆਂ ਹਨ। ਬ੍ਰਮ ਸ਼ੰਕਰ ਜ਼ਿੰਪਾ ਨੇ ਇਸ ਮੌਕੇ ਸਫਾਈ ਕਰਮਚਾਰੀ ਯੂਨੀਅਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਲੋਕ-ਕਲਿਆਣ ਲਈ ਸਰਕਾਰ ਦੇ ਯਤਨਾਂ ਵਿੱਚ ਸਹਿਯੋਗ ਦੇਣ।

ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਚੇਚੀ ਨੇ ਕਿਹਾ ਕਿ ਸਫਾਈ ਕਰਮਚਾਰੀ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਯੋਗਦਾਨ ਦਾ ਕੋਈ ਬਦਲ ਨਹੀਂ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਫਾਈ ਕਰਮਚਾਰੀਆਂ ਦੇ ਹੱਕਾਂ, ਸਨਮਾਨ ਅਤੇ ਭਲਾਈ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

ਇਸ ਮੌਕੇ ਕੌਂਸਲਰ ਸੁਰਿੰਦਰ ਕੁਮਾਰ ਵੀ ਹਾਜ਼ਰ ਸਨ।

# ਡਾਕਟਰ ਰਵਜੋਤ ਸਿੰਘ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਵੰਡੇ ਨਿਯੁਕਤੀ ਪੱਤਰ

**ਹੁਸ਼ਿਆਰਪੁਰ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੇ 'ਮਿਸ਼ਨ ਰੋਜ਼ਗਾਰ' ਤਹਿਤ ਸ਼ਾਮ ਚੁਰਾਸੀ ਹਲਕੇ ਦੀਆਂ ਨਵ-ਨਿਯੁਕਤ 28 ਆਂਗਣਵਾੜੀ ਵਰਕਰਾਂ ਅਤੇ 48 ਹੈਲਪਰਾਂ ਨੂੰ ਅੱਜ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਨਿਯੁਕਤੀ ਪੱਤਰ ਸੌਂਪੇ ਗਏ।

ਨਿਯੁਕਤੀ ਪੱਤਰ ਸੌਂਪਣ ਵੇਲੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਾਰਦਰਸ਼ੀ ਅਤੇ ਯੋਗਤਾ-ਅਧਾਰਿਤ ਭਰਤੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਆਪਣੇ ਵਾਅਦੇ ਨੂੰ ਲਗਾਤਾਰ ਪੂਰਾ ਕਰ ਰਹੀ ਹੈ। ਉਨ੍ਹਾਂ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਂਗਣਵਾੜੀ ਕੇਂਦਰ ਮਹਿਲਾਵਾਂ ਅਤੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਨਾਲ ਜੁੜੀ ਸਰਕਾਰੀ ਵਿਵਸਥਾ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਨਵੀਆਂ ਨਿਯੁਕਤੀਆਂ ਨਾਲ ਨਾ ਸਿਰਫ਼ ਬਾਲ ਵਿਕਾਸ ਸੇਵਾਵਾਂ ਹੋਰ ਪ੍ਰਭਾਵਸ਼ਾਲੀ ਹੋਣਗੀਆਂ, ਸਗੋਂ ਲੋੜਵੰਦ ਪਰਿਵਾਰਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਵੀ ਹੋਰ ਬਿਹਤਰ ਢੰਗ ਨਾਲ ਪਹੁੰਚੇਗਾ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਵਿਚ ਹੁਣ ਤੱਕ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਅਤੇ ਮੈਰਿਟ ਦੇ ਆਧਾਰ 'ਤੇ 68,228 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੇ ਸ਼ੁਰੂ ਤੋਂ ਹੀ ਵੱਖ-ਵੱਖ ਵਿਭਾਗਾਂ ਵਿੱਚ ਵੱਡੇ ਪੱਧਰ 'ਤੇ ਭਰਤੀਆਂ ਕੀਤੀਆਂ ਹਨ ਜਿਸ ਸਦਕਾ ਸੂਬੇ ਦੇ ਨੌਜਵਾਨਾਂ ਦਾ ਸਰਕਾਰੀ ਭਰਤੀਆਂ 'ਚ ਵਿਸ਼ਵਾਸ ਬਹਾਲ ਹੋਇਆ ਹੈ ਅਤੇ ਉਹ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈ ਰਹੇ ਹਨ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ ਅਤੇ ਰੋਜ਼ਗਾਰ ਸਿਰਜਣਾ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਵਿੱਚ ਨਿਯਮਤ ਭਰਤੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਨੌਜਵਾਨਾਂ ਵਿੱਚ ਸਰਕਾਰੀ ਨੌਕਰੀਆਂ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸੂਬੇ ਦੇ ਯੋਗ ਨੌਜਵਾਨਾਂ ਨੂੰ ਬਿਨਾਂ ਕਿਸੇ ਸਿਫ਼ਾਰਸ਼ ਜਾਂ ਭ੍ਰਿਸ਼ਟਾਚਾਰ ਦੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ।

ਉਨ੍ਹਾਂ ਨੇ ਨਵ-ਨਿਯੁਕਤ ਵਰਕਰਾਂ ਅਤੇ ਹੈਲਪਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਲਗਨ, ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਅਤੇ ਮਹਿਲਾਵਾਂ ਤੇ ਬੱਚਿਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਰਕਾਰੀ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣ। ਉਨ੍ਹਾਂ ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਵਿੱਚ ਰੋਜ਼ਗਾਰ ਅਤੇ ਵਿਕਾਸ ਦੇ ਨਵੇਂ ਮੌਕੇ ਸਿਰਜਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਸੂਬੇ ਦੇ ਹਰ ਯੋਗ ਨੌਜਵਾਨ ਨੂੰ ਰੋਜ਼ਗਾਰ ਦੇ ਨਾਲ-ਨਾਲ ਲੋਕਾਂ ਤੱਕ ਬਿਹਤਰ ਸਰਕਾਰੀ ਸੇਵਾਵਾਂ ਪਹੁੰਚਾਉਣਾ ਹੈ।

ਇਸ ਮੌਕੇ ਸੀ ਡੀ ਪੀ ਓ ਰਵਿੰਦਰ ਕੌਰ,ਹਰਪ੍ਰੀਤ ਸਿੰਘ ਧਾਮੀ, ਕਮਲ ਧੂਤ ਵੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਡਾ. ਰਵਜੋਤ ਸਿੰਘ ਨੇ ਸਾਰੀਆਂ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਸਫਲ ਅਤੇ ਲੋਕ ਸੇਵਾ ਨੂੰ ਸਮਰਪਿਤ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਵਿਧਾਇਕ ਜਿੰਪਾ ਨੇ ਪਿੰਡ ਬਸੀ ਪੁਰਾਣੀ ਦੇ ਲੋੜਵੰਦ ਪਰਿਵਾਰਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ

**ਹੁਸ਼ਿਆਰਪੁਰ, 1 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਪਿੰਡ ਬਸੀ ਪੁਰਾਣੀ ਵਿੱਚ ਕਰਵਾਏ ਇੱਕ ਸਾਂਝੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਨਿਰਦੇਸ਼ ਦਿੱਤੇ। ਇਸ ਦੌਰਾਨ ਮੁੱਖ ਮੰਤਰੀ ਮੇਰੀ ਰਸੋਈ ਯੋਜਨਾ ਤਹਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ, ਤਾਂ ਜੋ ਯੋਗ ਪਰਿਵਾਰਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਅਤੇ ਸਿੱਧੇ ਤੌਰ 'ਤੇ ਪਹੁੰਚਾਇਆ ਜਾ ਸਕੇ।

ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਹੁਣ ਅਜਿਹੇ ਲੋੜਵੰਦ



ਪਰਿਵਾਰ, ਜਿਨ੍ਹਾਂ ਦੇ ਹੁਣ ਤੱਕ ਰਾਸ਼ਨ ਕਾਰਡ ਨਹੀਂ ਬਣ ਸਕੇ, ਉਨ੍ਹਾਂ ਦੇ ਵੀ ਕਾਰਡ ਪਹਿਲ ਦੇ ਆਧਾਰ 'ਤੇ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਰਕਾਰ ਦਾ ਉਦੇਸ਼ ਸਮਾਜ ਦੇ ਹਰ ਵਰਗ ਤੱਕ ਬਿਨਾਂ ਕਿਸੇ ਭੇਦਭਾਵ ਦੇ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ।

ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਹਰ ਪਿੰਡ ਦੀ ਲੋੜ ਅਨੁਸਾਰ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਲੋਕਾਂ ਨੂੰ ਬਿਹਤਰ ਸੜਕਾਂ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਹਿੱਤ ਅਤੇ ਲੋਕ ਭਲਾਈ ਯੋਜਨਾਵਾਂ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਨੂੰ ਸਸ਼ਕਤ ਬਣਾਉਣਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨਾ ਹੈ। ਇਸੇ ਉਦੇਸ਼ ਨਾਲ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕੋਈ ਵੀ ਯੋਗ ਪਰਿਵਾਰ ਸਰਕਾਰੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ।

